SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 207 | Tuesday, November 14, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਲਗਜ਼ਰੀ ਗੱਡੀਆਂ ਦਾ ਰੀਟੇਲਰ ਬਣ ਕੇ ਲੈਂਬੋਰਗਨੀ, ਪੋਰਸ਼ਾ ਤੇ ਫਰਾਰੀ ਗੱਡੀਆਂ ਚੋਰੀ ਕਰਨ ਵਾਲਾ ਗਰੁੱਪ ਕਾਬੂ

ਹਾਲਟਨ, 13 ਨਵੰਬਰ (ਪੋਸਟ ਬਿਊਰੋ) : ਹਾਲਟਨ ਰੀਜਨਲ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਫਰੌਡ ਲੋਕਾਂ ਦੇ ਇੱਕ ਅਜਿਹੇ ਗਰੁੱਪ ਨੂੰ ਕਾਬੂ ਕੀਤਾ ਗਿਆ ਹੈ ਜਿਹੜਾ ਲਗਜ਼ਰੀ ਗੱਡੀਆਂ ਦੇ ਰੀਟੇਲਰਜ਼ ਦਾ ਨੁਮਾਇੰਦਾ ਬਣ ਕੇ ਲੈਂਬੋਰਗਿਨੀ, ਪੋਰਸ਼ਾ, ਫਰਾਰੀ ਤੇ 1.6 ਮਿਲੀਅਨ ਡਾਲਰ ਦੀਆਂ ਹੋਰ ਗੱਡੀਆਂ ਚੋਰੀ ਕਰ ਚੁੱਕਿਆ ਹੈ।

ਪੁਲਿਸ ਨੇ 2023 ਦੀਆਂ ਗਰਮੀਆਂ ਵਿੱਚ ਪ੍ਰੋਜੈਕਟ ਲਗਜ਼ ਸ਼ੁਰੂ ਕੀਤਾ ਸੀ। ਇਹ ਉਦੋਂ ਸ਼ੁਰੂ ਕੀਤਾ ਗਿਆ ਜਦੋਂ ਕੁੱਝ ਮਸ਼ਕੂਕਾਂ ਵੱਲੋਂ ਗ੍ਰੇਟਰ ਟੋਰਾਂਟੋ ਏਰੀਆ ਦੀਆਂ ਕਈ ਡੀਲਰਸ਼ਿਪਜ਼ ਉੱਤੇ ਜਾ ਕੇ ਧੋਖੇ ਨਾਲ ਕਈ ਲਗਜ਼ਰੀ ਗੱਡੀਆਂ ਹਾਸਲ ਕਰ ਲਈਆਂ ਗਈਆਂ। ਪੁਲਿਸ ਨੇ ਦੱਸਿਆ ਕਿ ਡੀਲਰਸ਼ਿਪ ਕੋਲ ਜਾਅਲੀ ਦਸਤਾਵੇਜ਼ ਜਮ੍ਹਾਂ ਕਰਵਾਉਣ ਤੋਂ ਬਾਅਦ ਉਹ ਇਨ੍ਹਾਂ ਲਗਜ਼ਰੀ ਗੱਡੀਆਂ ਨੂੰ ਆਪਣੇ ਨਾਲ ਲੈ ਜਾਂਦੇ ਸਨ।

ਸੋਮਵਾਰ ਨੂੰ ਜਾਰੀ ਕੀਤੀ ਗਈ ਰਲੀਜ਼ ਵਿੱਚ ਪੁਲਿਸ ਨੇ ਆਖਿਆ ਕਿ ਦਸਤਾਵੇਜ਼ਾਂ ਦੀ ਵਿਲੱਖਣ ਕੁਆਲਿਟੀ ਕਾਰਨ ਇਹ ਗਰੁੱਪ ਜੀਟੀਏ ਤੇ ਦੱਖਣੀ ਓਨਟਾਰੀਓ ਦੇ ਹੋਰਨਾਂ ਹਿੱਸਿਆਂ ਵਿੱਚ ਵੀ ਇਸ ਤਰ੍ਹਾਂ ਦੇ ਫਰਾਡ ਕਰਨ ਵਿੱਚ ਕਾਮਯਾਬ ਰਿਹਾ। ਪੁਲਿਸ ਨੇ ਦੱਸਿਆ ਕਿ ਉਹ ਜਲਦ ਹੀ ਮਸ਼ਕੂਕਾਂ ਦਾ ਪਤਾ ਲਾਉਣ



ਵਿੱਚ ਕਾਮਯਾਬ ਰਹੀ ਤੇ ਇਸ ਦੇ ਨਾਲ ਹੀ ਇਸ ਗਰੁੱਪ ਦੇ ਅੱਗੇ ਵੱਡੇ ਡਿਸਟ੍ਰੀਬਿਊਸ਼ਨ ਗਰੁੱਪ ਨਾਲ ਲਿੰਕ ਦਾ ਵੀ ਪਤਾ ਲਾ ਲਿਆ ਗਿਆ।

ਯੂਐਸ ਹੋਮਲੈਂਡ ਸਕਿਊਰਿਟੀ ਦੇ ਨਾਲ ਨਾਲ ਟੋਰਾਂਟੋ ਪੁਲਿਸ, ਓਪੀਪੀ, ਅਮਰੀਕੀ ਪੁਲਿਸ ਫੋਰਸਿਜ਼ ਤੇ ਐਫਬੀਆਈ ਦੀ ਮਦਦ ਨਾਲ ਕਈ ਗੱਡੀਆਂ ਨੂੰ ਬਰਾਮਦ ਵੀ ਕਰ ਲਿਆ ਗਿਆ। ਜਿਨ੍ਹਾਂ ਗੱਡੀਆਂ ਨੂੰ ਬਰਾਮਦ ਕੀਤਾ ਗਿਆ ਉਨ੍ਹਾਂ ਵਿੱਚ ਹੇਠ ਲਿਖੀਆਂ ਗੱਡੀਆਂ ਸ਼ਾਮਲ ਸਨ ਜਿਨ੍ਹਾਂ ਨੂੰ ਸਮੁੰਦਰੋਂ ਪਾਰ ਵੇਚਿਆ ਜਾਣਾ ਸੀ :

- A 2023 Maybach GLS600 (valued at over $300,000)
- A 2020 Lamborghini Urus (also valued at over $300,000)
- A 2021 Ferrari F8 Spider (valued at $600,000)
- A 2023 Porche 911 Turbo (valued at more than $225,000)
- A 2017 Mercedes E400, and 2021 Dodge Durango (both valued over $60,000 each).

ਨਵੰਬਰ 2023 ਵਿੱਚ ਪੁਲਿਸ ਵੱਲੋਂ ਸਰਚ ਵਾਰੰਟ ਕਢਵਾ ਕੇ ਜੀਟੀਏ ਦੇ ਵੱਖ ਵੱਖ ਹਿੱਸਿਆਂ ਦੀਆਂ ਤਲਾਸ਼ੀਆਂ ਲਈਆਂ ਗਈਆਂ ਤੇ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਉਨ੍ਹਾਂ ਕੋਲੋਂ ਸਬੂਤ ਵੀ ਬਰਾਮਦ ਕੀਤੇ ਗਏ। ਇਸ ਦੌਰਾਨ ਮਿਸੀਸਾਗਾ ਦੇ 40 ਸਾਲਾ ਐਨੋਕ ਜੌਹਨਸਨ, ਓਕਵਿੱਲ ਦੇ 29 ਸਾਲਾ ਅਹਿਮਦ ਅਮੀਰੀ, 27 ਸਾਲਾ ਇਸਾਕ ਓਸੁੰਦੇ ਇਯਾਮੂ ਨੂੰ ਗ੍ਰਿਫਤਾਰ ਕੀਤਾ ਗਿਆ।

## ਇਜ਼ਰਾਈਲ-ਹਮਸ ਜੰਗ ਖਿਲਾਫ ਕੈਨੇਡਾ ਭਰ ਵਿੱਚ ਹਜ਼ਾਰਾਂ ਲੋਕਾਂ ਨੇ ਕੀਤੇ ਮੁਜ਼ਾਹਰੇ



ਓਟਵਾ, 13 ਨਵੰਬਰ (ਪੋਸਟ ਬਿਊਰੋ) : ਇਜ਼ਰਾਈਲ ਤੇ ਹਮਸ ਦਰਮਿਆਨ ਚੱਲ ਰਹੀ ਤਾਜ਼ਾ ਜੰਗ ਦੇ ਖਿਲਾਫ ਐਤਵਾਰ ਨੂੰ ਦੇਸ਼ ਭਰ ਵਿੱਚ ਲੋਕਾਂ ਨੇ ਮੁਜ਼ਾਹਰੇ ਕੀਤੇ ਤੇ ਨਿਆਂ ਦੀ ਮੰਗ ਕੀਤੀ।

ਦਰਜਨਾਂ ਭਰ ਸਿਟੀਜ਼ ਵਿੱਚ ਫਲਸਤੀਨ ਪੱਖੀ ਲੋਕਾਂ ਨੇ ਇਸ ਜੰਗ ਨੂੰ ਬੰਦ ਕਰਨ ਦੀ ਮੰਗ ਕੀਤੀ ਜਦਕਿ ਟੋਰਾਂਟੋ ਵਿੱਚ ਇੱਕਠੇ ਹੋਏ ਹਜ਼ਾਰਾਂ ਲੋਕਾਂ ਨੇ ਹਮਸ ਵੱਲੋਂ ਬੋਲੇ ਗਏ ਪਹਿਲੇ ਹਮਲੇ ਵਿੱਚ ਬੰਦੀ ਬਣਾਏ ਗਏ ਇਜ਼ਰਾਈਲੀ ਲੋਕਾਂ ਨੂੰ ਰਿਹਾਅ ਕਰਨ ਦੀ ਮੰਗ ਕੀਤੀ ਗਈ। ਸੀਸਫਾਇਰ ਨਾਓ ਨਾਂ ਦੇ ਗਰੁੱਪ ਵੱਲੋਂ ਨਥਾਨ ਫਿਲਿਪ ਸਕੁਏਅਰ ਉੱਤੇ ਕੱਢੀ ਗਈ ਫਲਸਤੀਨ ਪੱਖੀ ਰੈਲੀ ਵਿੱਚ ਹੋਲੋਕਾਸਟ ਸਰਵਾਈਵਰ ਸੁਜ਼ੇਨ ਵੈੱਸ ਨੇ ਇਜ਼ਰਾਈਲ ਵੱਲੋਂ ਗਾਜ਼ਾ ਸਿਟੀ ਉੱਤੇ ਕੀਤੇ ਜਾ ਰਹੇ ਹਮਲਿਆਂ ਦੀ ਨਿਖੇਧੀ ਕੀਤੀ। ਉਸ ਨੇ ਆਖਿਆ ਕਿ ਇਹ ਮੁਸਲਮਾਨਾਂ, ਇਸਾਈਆਂ ਤੇ ਯਹੂਦੀਆਂ ਦਰਮਿਆਨ ਇੱਕਜੁਟਤਾ ਉੱਤੇ ਹਿੰਸਕ ਹਮਲਾ ਹੈ। ਫਲਸਤੀਨ ਦੀ ਆਜ਼ਾਦੀ ਹੀ ਸਾਡੀ ਵੀ ਆਜ਼ਾਦੀ ਹੈ।

ਫਲਸਤੀਨ ਪੱਖੀ ਰੈਲੀਆਂ ਵਿੱਚ ਸ਼ਾਮਲ ਪਰਿਵਾਰਾਂ ਨੇ ਆਖਿਆ ਕਿ ਹੁਣ ਇਨ੍ਹਾਂ ਰੈਲੀਆਂ ਵਿੱਚ ਸ਼ਾਮਲ ਹੋਣਾ ਤਾਂ ਹਫਤਾਵਾਰੀ ਰੁਝਾਨ ਹੋ ਗਿਆ ਹੈ। ਮੁਜ਼ਾਹਰਾਕਾਰੀਆਂ ਨੇ ਗਾਜ਼ਾ ਨੂੰ ਚਾਰੇ ਪਾਸੇ ਤੋਂ ਪਾਏ ਘੇਰੇ ਨੂੰ ਖ਼ਤਮ ਕਰਨ, ਜੰਗਬੰਦੀ ਤੇ ਨਸਲਕੁਸ਼ੀ ਬੰਦ ਕਰਨ ਦੀ ਮੰਗ ਵੀ ਕੀਤੀ। ਲੋਕਾਂ ਨੇ ਆਖਿਆ ਕਿ ਸਾਡੇ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਵੀ ਇਸ ਜੰਗ ਨੂੰ ਖ਼ਤਮ ਕਰਵਾਉਣ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਕਿ ਸਾਰੀ ਦੁਨੀਆਂ ਵਿੱਚ ਮੁੜ ਸ਼ਾਂਤੀ ਹੋ ਸਕੇ ਤੇ ਲੋਕਾਂ ਤੇ ਬੱਚਿਆਂ ਦੀਆਂ ਮੌਤਾਂ ਦਾ ਸਿਲਸਿਲਾ ਰੁਕ ਸਕੇ।

ਇਸ ਦੌਰਾਨ ਗਾਜ਼ਾ ਵਿੱਚ ਹਮਸ ਵੱਲੋਂ ਬੰਦੀ ਬਣਾਏ ਗਏ ਇਜ਼ਰਾਈਲੀ ਲੋਕਾਂ ਨੂੰ ਰਿਹਾਅ ਕੀਤੇ ਜਾਣ ਦੇ ਸਮਰਥਨ ਵਿੱਚ ਟੋਰਾਂਟੋ ਦੇ ਕ੍ਰਿਸਟੀ ਪਿੱਟਸ ਪਾਰਕ ਵਿੱਚ ਊਜਾ ਫੈਡਰੇਸ਼ਨ ਆਫ ਗ੍ਰੇਟਰ ਟੋਰਾਂਟੋ ਤੇ ਰਾਊਲ ਵਾਲੇਨਬਰਗ ਸੈਂਟਰ ਫੌਰ ਹਿਊਮਨ ਰਾਈਟਸ ਦੀ ਅਗਵਾਈ ਵਿੱਚ ਹਜ਼ਾਰਾ ਲੋਕਾਂ ਵੱਲੋਂ ਰੈਲੀ ਕੱਢੀ ਗਈ।

## ਜਲਦ ਹੀ ਬਾਜ਼ਾਰ ਵਿੱਚ ਆਉਣਗੇ ਕਿੰਗ ਚਾਰਲਸ ਦੇ ਚਿਹਰੇ ਵਾਲੇ ਸਿੱਕੇ

ਓਟਵਾ, 13 ਨਵੰਬਰ (ਪੋਸਟ ਬਿਊਰੋ) : ਜਲਦ ਹੀ ਦੇਸ਼ ਭਰ ਵਿੱਚ ਕਿੰਗ ਚਾਰਲਸ ਦੇ ਚਿਹਰੇ ਵਾਲੇ ਕੈਨੇਡੀਅਨ ਸਿੱਕੇ ਸਰਕੂਲੇਟ ਹੋ ਜਾਣਗੇ।

ਵਿਨੀਪੈਗ ਸਥਿਤ ਰੌਇਲ ਕੈਨੇਡੀਅਨ ਮਿੰਟ ਵੱਲੋਂ ਮੰਗਲਵਾਰ ਨੂੰ ਉਨ੍ਹਾਂ ਸਿੱਕਿਆਂ ਦਾ ਨਮੂਨਾ ਪੇਸ਼ ਕੀਤਾ ਜਾਵੇਗਾ ਜਿਨ੍ਹਾਂ ਉੱਤੇ ਇੱਕ ਪਾਸੇ ਕਿੰਗ ਚਾਰਲਸ ਦਾ ਚਿਹਰਾ ਖੁਣਿਆ ਹੋਵੇਗਾ ਤੇ ਆਉਣ ਵਾਲੇ ਸਮੇਂ ਵਿੱਚ ਇਹ ਸਾਰੇ ਕੈਨੇਡੀਅਨ ਸਿੱਕਿਆਂ ਉੱਤੇ ਨਜ਼ਰ ਆਵੇਗਾ। ਪਹਿਲੀ ਵਾਰੀ ਕਿੰਗ



ਚਾਰਲਸ ਦੇ ਚਿਹਰੇ ਨੂੰ ਲੂਨੀ ਉੱਤੇ ਉਕੇਰਿਆ ਜਾਵੇਗਾ। ਮਿੰਟ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ 2023 ਦੀ ਤਰੀਕ ਵਾਲੇ ਕੁੱਝ ਸਿੱਕੇ, ਜਿਨ੍ਹਾਂ ਉੱਤੇ ਕਿੰਗ ਚਾਰਲਸ ਦਾ ਚਿਹਰਾ ਉੱਕਰਿਆ ਹੋਵੇਗਾ, ਦਸੰਬਰ ਦੇ ਸ਼ੁਰੂ ਵਿੱਚ ਸਰਕੂਲੇਟ ਹੋ ਜਾਣਗੇ। ਸਿੱਕਿਆਂ ਨੂੰ ਵਟਾਉਣ ਦਾ ਕੰਮ ਦਸੰਬਰ ਦੇ ਅੰਤ ਵਿੱਚ ਮਿੰਟ ਦੇ ਓਟਵਾ ਤੇ ਵਿਨੀਪੈਗ ਸਥਿਤ ਬੁਟੀਕਸ ਵਿੱਚ ਸ਼ੁਰੂ ਹੋਵੇਗਾ।

ਮਿੰਟ ਨੇ ਦੱਸਿਆ ਕਿ ਦੇਸ਼ ਭਰ ਤੋਂ ਆਰਟਿਸਟਸ ਨੂੰ ਬੁਲਾ ਕੇ ਇਨ੍ਹਾਂ ਸਿੱਕਿਆਂ ਦੇ ਡਿਜ਼ਾਈਨ ਤਿਆਰ ਕਰਵਾਏ ਗਏ। ਫਿਰ ਜੇਤੂ ਰਹੇ ਸਿੱਕੇ ਦੇ ਡਿਜ਼ਾਈਨ ਨੂੰ ਮਨਜ਼ੂਰੀ ਲਈ ਬਕਿੰਘਮ ਪੈਲੇਸ ਭੇਜਿਆ ਗਿਆ। ਇਸ ਸਿੱਕੇ ਉੱਤੇ ਮਹਾਰਾਣੀ ਐਲਿਜ਼ਾਬੈੱਥ ਦੇ ਚਿਹਰੇ ਦੇ ਸੱਜੇ ਪਾਸੇ ਨੂੰ ਉਭਾਰਨ ਤੋਂ ਉਲਟ ਕਿੰਗ ਚਾਰਲਸ ਦੇ ਚਿਹਰੇ ਦੇ ਖੱਬੇ ਪਾਸੇ ਨੂੰ ਉਕੇਰਿਆ ਜਾਵੇਗਾ। ਅਜੇ ਤੱਕ ਜਿੰਨੇ ਵੀ ਕੈਨੇਡੀਅਨ ਸਿੱਕੇ ਮਹਾਰਾਣੀ ਦੇ ਚਿਹਰੇ ਨਾਲ ਦੇਸ਼ ਭਰ ਵਿੱਚ ਸਰਕੂਲੇਟ ਹੋ ਰਹੇ ਹਨ ਉਨ੍ਹਾਂ ਨੂੰ ਕਾਨੂੰਨਨ ਜਾਇਜ਼ ਮੰਨਿਆ ਜਾ ਰਿਹਾ ਹੈ।

## ਜੇ ਅੱਜ ਚੋਣਾਂ ਹੋਣ ਤਾਂ ਕੰਜ਼ਰਵੇਟਿਵਾਂ ਦੀ ਜਿੱਤ ਤੈਅ : ਰਿਪੋਰਟ

ਓਟਵਾ, 13 ਨਵੰਬਰ (ਪੋਸਟ ਬਿਊਰੋ) : ਪਿਛਲੇ ਕੁੱਝ ਸਮੇਂ ਤੋਂ ਇਹ ਸਪਸ਼ਟ ਹੋ ਚੁੱਕਿਆ ਹੈ ਕਿ ਟਰੂਡੋ ਦੀ ਅਗਵਾਈ ਵਿੱਚ ਲਿਬਰਲਾਂ ਨੂੰ ਆਪਣੀ ਸਾਖ਼ ਬਚਾਉਣ ਲਈ ਕਾਫੀ ਸੰਘਰਸ਼ ਕਰਨਾ ਪੈ ਰਿਹਾ ਹੈ ਪਰ ਇੱਕ ਨਵੇਂ ਸਰਵੇਖਣ ਤੇ ਵਿਸ਼ਲੇਸ਼ਣ ਵਿੱਚ ਪਾਇਆ ਗਿਆ ਕਿ ਜੇ ਅੱਜ ਚੋਣਾਂ ਹੁੰਦੀਆਂ ਹਨ ਤਾਂ ਲਿਬਰਲਾਂ ਨੂੰ ਕਰਾਰੀ ਹਾਰ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਐਬੇਕਸ ਡਾਟਾ ਵੱਲੋਂ ਸੀਟਾਂ ਦੇ ਸਬੰਧ ਵਿੱਚ ਕਰਵਾਏ ਗਏ ਤਾਜ਼ਾ ਸਰਵੇਖਣਾਂ ਤੋਂ ਸਾਹਮਣੇ ਆਇਆ ਕਿ ਜੇ ਅੱਜ ਚੋਣਾਂ ਹੁੰਦੀਆਂ ਹਨ ਤਾਂ ਲਿਬਰਲਾਂ ਨੂੰ ਆਪਣੀਆਂ ਅੱਧੇ ਤੋਂ ਵੱਧ ਸੀਟਾਂ ਗੁਆਣੀਆਂ ਪੈਣਗੀਆਂ ਤੇ ਪਿਏਰ ਪੌਲੀਏਵਰ ਦੀ ਅਗਵਾਈ ਵਾਲੇ ਕੰਜ਼ਰਵੇਟਿਵਾਂ ਨੂੰ ਵੱਡੀ ਜਿੱਤ



ਤੇ ਬਹੁਮਤ ਹਾਸਲ ਹੋਵੇਗਾ।

ਐਬੇਕਸ ਡਾਟਾ ਦੇ ਸੀਈਓ ਡੇਵਿਡ ਕੋਲੇਟੋ ਨੇ ਦੱਸਿਆ ਕਿ ਕੰਜ਼ਰਵੇਟਿਵਾਂ ਨੂੰ 204 ਸੀਟਾਂ ਉੱਤੇ ਜਿੱਤ ਹਾਸਲ ਹੋਵੇਗੀ ਤੇ ਉਨ੍ਹਾਂ ਨੂੰ 77 ਸੀਟਾਂ ਦਾ ਫਾਇਦਾ ਹੁੰਦਾ ਸਾਫ ਨਜ਼ਰ ਆ ਰਿਹਾ ਹੈ। ਦੂਜੇ ਪਾਸੇ ਲਿਬਰਲਾਂ ਕੋਲ ਸਿਰਫ 69 ਸੀਟਾਂ ਰਹਿ ਜਾਣਗੀਆਂ ਜੋ ਕਿ ਮੌਜੂਦਾ ਸੀਟਾਂ ਦੇ ਮੁਕਾਬਲੇ 87 ਸੀਟਾਂ ਦਾ ਘਾਟਾ ਹੋਵੇਗਾ। ਬਲਾਕ ਕਿਊਬਿਕੁਆ ਨੂੰ 43 ਸੀਟਾਂ ਹਾਸਲ ਹੋਣਗੀਆਂ ਤੇ ਐਨਡੀਪੀ ਨੂੰ 27 ਸੀਟਾਂ ਉੱਤੇ ਜਿੱਤ ਹਾਸਲ ਹੋਵੇਗੀ। ਕੋਲੇਟੋ ਨੇ ਆਖਿਆ ਕਿ ਇਸ ਸਮੇਂ ਲੋਕ ਤਬਦੀਲੀ ਚਾਹੁੰਦੇ ਹਨ ਤੇ ਉਨ੍ਹਾਂ ਦੀਆਂ ਨਜ਼ਰਾਂ ਕੰਜ਼ਰਵੇਟਿਵਾਂ ਉੱਤੇ ਟਿਕੀਆਂ ਹੋਈਆਂ ਹਨ।

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

INSURANCE
Home, Auto
Business, Trucking
Life Insurance, Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

Royal Pest Control
Residential Commercial Industrial
Specialist in Bedbugs Service
All Pest Control :
Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL
416 938 4598

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

KELLEY LAW OFFICE
Immigration, Real Estate
Family Law, Business Closing
Corporate, Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

CN Forklift Training Center
Counterbalance, Walkie pallet, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law, Business Law
Wills & Estates, Family Law
Power of Attorney, Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਐਤਵਾਰ ਨੂੰ 234 ਕੈਨੇਡੀਅਨਜ਼ ਨੇ ਛੱਡਿਆ ਗਾਜ਼ਾ



ਓਟਵਾ, 12 ਨਵੰਬਰ (ਪੋਸਟ ਬਿਊਰੋ) : ਗਲੋਬਲ ਅਫੇਅਰਜ਼ ਕੈਨੇਡਾ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਐਤਵਾਰ ਨੂੰ 234 ਕੈਨੇਡੀਅਨਜ਼, ਪਰਮਾਨੈਂਟ ਰੈਜ਼ੀਡੈਂਟਸ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਗਾਜ਼ਾ ਤੋਂ ਮਿਸਰ ਪਹੁੰਚ ਗਏ।

ਇਹ ਅਪਡੇਟ ਉਸ ਸਮੇਂ ਆਈ ਜਦੋਂ ਦੋ ਦਿਨ ਬੰਦ ਰਹਿਣ ਤੋਂ ਬਾਅਦ ਰਾਫਾਹ ਕਰੌਸਿੰਗ ਨੂੰ ਮੁੜ ਖੋਲ੍ਹਿਆ ਗਿਆ ਤਾਂ ਕਿ ਜੰਗ ਨਾਲ ਪ੍ਰਭਾਵਿਤ ਇਲਾਕੇ ਨੂੰ ਛੱਡ ਕੇ ਵਿਦੇਸ਼ੀ ਨਾਗਰਿਕ ਜਾ ਸਕਣ। ਗਲੋਬਲ ਅਫੇਅਰਜ਼ ਵੱਲੋਂ ਸ਼ੁੱਕਰਵਾਰ ਨੂੰ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਸੀ ਕਿ 266 ਕੈਨੇਡੀਅਨ ਨਾਗਰਿਕ, ਪਰਮਾਨੈਂਟ ਰੈਜ਼ੀਡੈਂਟਸ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਕੈਨੇਡਾ ਪਰਤਣ ਦੀ ਇਜਾਜ਼ਤ ਦੇ ਦਿੱਤੀ ਗਈ ਹੈ।

ਮਿਸਰ ਵਿੱਚ ਸਥਿਤ ਕੈਨੇਡੀਅਨ ਅੰਬੈਸੀ ਵੱਲੋਂ ਕਾਹਿਰਾ ਆਉਣ ਵਾਲਿਆਂ ਦੀ ਮਦਦ ਕੀਤੀ ਜਾ ਰਹੀ ਹੈ ਤੇ ਉਨ੍ਹਾਂ ਨੂੰ ਫੂਡ ਤੇ ਰਿਹਾਇਸ਼ ਦਾ ਪ੍ਰਬੰਧ ਵੀ ਕਰਕੇ ਦਿੱਤਾ ਜਾ ਰਿਹਾ ਹੈ ਜਦੋਂ ਤੱਕ ਉਨ੍ਹਾਂ ਦੇ ਟਰੈਵਲ ਪਲੈਨਜ਼ ਸਿਰੇ ਨਹੀਂ ਚੜ੍ਹਦੇ। ਗਾਜ਼ਾ ਦੀ ਸਰਹੱਦ ਪਾਰ ਕਰਨ ਵਾਲਿਆਂ ਦੀ ਤਾਜ਼ਾ ਗਿਣਤੀ ਉਨ੍ਹਾਂ 107 ਤੋਂ ਇਲਾਵਾ ਹੈ ਜਿਨ੍ਹਾਂ ਨੇ ਪਿਛਲੇ ਹਫਤੇ ਸਰਹੱਦ ਪਾਰ ਕੀਤੀ ਸੀ।

# ਘਰ ਵਿੱਚ ਹੋਏ ਧਮਾਕੇ ਤੇ ਅੱਗ ਲੱਗਣ ਤੋਂ ਬਾਅਦ ਇੱਕ ਵਿਅਕਤੀ ਲਾਪਤਾ



ਸਕਾਰਬਰੋ, 13 ਨਵੰਬਰ (ਪੋਸਟ ਬਿਊਰੋ) : ਐਤਵਾਰ ਸਵੇਰੇ ਸਕਾਰਬਰੋ ਦੇ ਇੱਕ ਘਰ ਵਿੱਚ ਧਮਾਕਾ ਹੋਣ ਤੋਂ ਬਾਅਦ ਲੱਗੀ ਅੱਗ ਮਗਰੋਂ ਇੱਕ ਵਿਅਕਤੀ ਮਿਲ ਨਹੀਂ ਪਾ ਰਿਹਾ।

ਇਸ ਇਲਾਕੇ ਵਿੱਚ ਧਮਾਕਾ ਹੋਣ ਦੀ ਖਬਰ ਦੇ ਕੇ ਸਵੇਰੇ 11:30 ਵਜੇ ਤੋਂ ਬਾਅਦ ਫਾਇਰ ਅਮਲੇ ਨੂੰ ਕਿੰਗਸਟਨ ਤੇ ਗੈਲੋਵੇਅ ਰੋਡ ਨੇੜੇ ਕਿਚਨਰ ਰੋਡ ਉੱਤੇ ਸਥਿਤ ਘਰ ਵਿੱਚ ਸੱਦਿਆ ਗਿਆ। ਟੋਰਾਂਟੋ ਫਾਇਰ ਚੀਫ ਮੈਥਿਊ ਪੈੱਗ ਨੇ ਦੱਸਿਆ ਕਿ ਜ਼ਾਹਰਾ ਤੌਰ ਉੱਤੇ ਉੱਥੇ ਜ਼ਬਰਦਸਤ ਧਮਾਕਾ ਹੋਇਆ ਸੀ। ਅਧਿਕਾਰੀਆਂ ਨੇ ਦੱਸਿਆ ਕਿ ਜਿਸ ਸਮੇਂ ਘਰ ਵਿੱਚ ਧਮਾਕਾ ਹੋਇਆ ਤਾਂ ਘਰ ਵਿੱਚ ਇੱਕ ਵਿਅਕਤੀ ਹੀ ਮੌਜੂਦ ਸੀ ਪਰ ਉਦੋਂ ਤੋਂ ਹੀ ਉਹ ਲਾਪਤਾ ਹੈ।

ਪੈੱਗ ਨੇ ਆਖਿਆ ਕਿ ਹਾਲਾਤ ਕਾਬੂ ਵਿੱਚ ਹਨ। ਇਸ ਸਮੇਂ ਅਸੀਂ ਅਗਲਾ ਕਦਮ ਚੁੱਕਣ ਲਈ ਟੋਰਾਂਟੋ ਹਾਈਡਰੋ, ਐਨਬ੍ਰਿੱਜ ਗੈਸ ਤੇ ਪੁਲਿਸ ਨਾਲ ਰਲ ਕੇ ਕੰਮ ਕਰ ਰਹੇ ਹਾਂ। ਇੱਕ ਵਾਰੀ ਅਜਿਹਾ ਕਰਨਾ ਸੁਰੱਖਿਅਤ ਹੋ ਜਾਂਦਾ ਹੈ ਤਾਂ ਅਸੀਂ ਮਲਬੇ ਵਿੱਚ ਇਹ ਪਤਾ ਲਾਉਣ ਦੀ ਕੋਸ਼ਿਸ਼ ਕਰਾਂਗੇ ਕਿ ਉੱਥੇ ਕਿਸੇ ਮਨੁੱਖ ਦੀ ਲਾਸ਼ ਤਾਂ ਨਹੀਂ ਦੱਬੀ ਹੋਈ। ਉਨ੍ਹਾਂ ਆਖਿਆ ਕਿ ਕਿਸੇ ਹੋਰ ਸ਼ਖ਼ਸ ਨੂੰ ਕੋਈ ਸੱਟ ਫੇਟ ਲੱਗਣ ਦੀ ਜਾਣਕਾਰੀ ਨਹੀਂ ਮਿਲੀ ਹੈ ਤੇ ਨਾ ਹੀ ਧਮਾਕੇ ਜਾਂ ਅੱਗ ਨਾਲ ਨੇੜਲੇ ਘਰਾਂ ਨੂੰ ਹੀ ਕੋਈ ਨੁਕਸਾਨ ਪਹੁੰਚਿਆ ਹੈ।

ਇੱਕ ਫਾਇਰਫਾਈਟਰ ਨੂੰ ਮਾਮੂਲੀ ਸੱਟ ਲੱਗਣ ਤੋਂ ਬਾਅਦ ਅਹਿਤਿਆਤਨ ਹਸਪਤਾਲ ਲਿਜਾਇਆ ਗਿਆ। ਧਮਾਕੇ ਤੇ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਲਾਉਣ ਦੀ ਵੀ ਕੋਸ਼ਿਸ਼ ਕੀਤੀ ਜਾ ਰਹੀ ਹੈ।

# ਅਪਾਰਟਮੈਂਟ ਵਿੱਚ ਅੱਗ ਲੱਗਣ ਕਾਰਨ ਇੱਕ ਮਹਿਲਾ ਤੇ ਦੋ ਬੱਚੇ ਝੁਲਸੇ



ਨੌਰਥ ਯੌਰਕ, 12 ਨਵੰਬਰ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਇੱਕ ਅਪਾਰਟਮੈਂਟ ਵਿੱਚ ਲੱਗੀ 2-ਅਲਾਰਮ ਵਾਲੀ ਅੱਗ ਤੋਂ ਬਾਅਦ ਤਿੰਨ ਸਾਲ ਤੋਂ ਘੱਟ ਉਮਰ ਦੇ ਦੋ ਬੱਚਿਆਂ ਸਮੇਤ ਤਿੰਨ ਵਿਅਕਤੀਆਂ ਨੂੰ ਹਸਪਤਾਲ ਲਿਜਾਇਆ ਗਿਆ।

ਸ਼ਨਿੱਚਰਵਾਰ ਨੂੰ ਰਾਤੀਂ 9:00 ਵਜੇ ਤੋਂ ਪਹਿਲਾਂ ਕੀਲ ਸਟਰੀਟ ਦੇ ਪੱਛਮ ਵੱਲ ਵਿਲਸਨ ਐਵਨਿਊ ਉੱਤੇ ਸਥਿਤ ਤਿੰਨ ਮੰਜ਼ਿਲਾ ਇਮਾਰਤ ਵਿੱਚ ਅੱਗ ਲੱਗਣ ਦੀ ਖਬਰ ਦੇ ਕੇ ਫਾਇਰਫਾਈਟਰਜ਼ ਨੂੰ ਸੱਦਿਆ ਗਿਆ। ਟੋਰਾਂਟੋ ਫਾਇਰ ਚੀਫ ਮੈਥਿਊ ਪੈੱਗ ਨੇ ਦੱਸਿਆ ਕਿ ਜਿਸ ਅਪਾਰਟਮੈਂਟ ਵਿੱਚ ਅੱਗ ਲੱਗੀ ਸੀ ਖਬਰ ਮਿਲਦੇ ਸਾਰ ਹੀ ਸਾਡਾ ਕ੍ਰਿਊ ਤੇਜ਼ੀ ਨਾਲ ਉਸ ਅਪਾਰਟਮੈਂਟ ਵਿੱਚ ਦਾਖਲ ਹੋਇਆ ਤੇ ਉੱਥੋਂ ਦੋ ਬੱਚਿਆਂ ਸਮੇਤ ਇੱਕ ਮਹਿਲਾ ਨੂੰ ਕੱਢਿਆ। ਤਿੰਨੇ ਬੁਰੀ ਤਰ੍ਹਾਂ ਜ਼ਖ਼ਮੀ ਸਨ ਤੇ ਉਨ੍ਹਾਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ।

ਪੈਰਾਮੈਡਿਕਸ ਨੇ ਦੱਸਿਆ ਕਿ ਇੱਕ ਮਹਿਲਾ, ਜੋ ਕਿ 40ਵਿਆਂ ਦੇ ਨੇੜੇ ਤੇੜੇ ਹੋਵੇਗੀ, ਤੇ ਇੱਕ ਅਤੇ 2 ਸਾਲ ਦਰਮਿਆਨ ਉਮਰ ਦੇ ਦੋ ਬੱਚਿਆਂ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਦਾਖਲ ਕਰਵਾਇਆ ਗਿਆ। ਇਸ ਬਿਲਡਿੰਗ ਨੂੰ ਖਾਲੀ ਕਰਵਾ ਲਿਆ ਗਿਆ ਹੈ ਤੇ ਕਿਸੇ ਹੋਰ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਅੱਗ ਲੱਗਣ ਦੇ ਕਾਰਨਾਂ ਦਾ ਪਤਾ ਲਾਉਣ ਤੇ ਅਗਲੇਰੀ ਜਾਂਚ ਲਈ ਫਾਇਰ ਮਾਰਸ਼ਲ ਦੇ ਆਫਿਸ ਨੂੰ ਇਤਲਾਹ ਦੇ ਦਿੱਤੀ ਗਈ ਹੈ।

## ਅੱਜ ਨਾਮਾ

ਦੀਵਾਲੀ ਆਈ, ਪਟਾਕੇ ਨਹੀਂ ਖਾਸ ਚੱਲੇ,
ਮਾਰ ਪਰਦੂਸ਼ਣ ਦੀ ਪਈ ਸੀ ਫੇਰ ਮੀਆਂ।
ਮਾਰ ਇੱਕੋ ਜਿਹੀ ਇਹ ਨਹੀਂ ਚਹੁੰ ਪਾਸੀਂ,
ਲੱਗ ਗਿਆ ਪਤਾ ਜਾਂ ਚੜ੍ਹੀ ਸਵੇਰ ਮੀਆਂ।
ਪ੍ਰਦੂਸ਼ਣ ਰਿਹਾ ਪੰਜਾਬ ਵੱਲ ਬੜਾ ਥੋੜ੍ਹਾ,
ਵਿਗੜਿਆ ਦਿੱਲੀ ਦਾ ਚਾਰ ਚੁਫੇਰ ਮੀਆਂ।
ਅੰਕੜੇ ਚੜ੍ਹਨ ਪਰਦੂਸ਼ਣ ਦੇ ਮਾਰ ਛਾਲਾਂ,
ਕਈ ਥਾਂ ਕਹਿੰਦੇ ਨੇ ਪਿਆ ਹਨੇਰ ਮੀਆਂ।
ਵਧਦਾ ਕਿਤੇ ਪਰਦੂਸ਼ਣ ਜੇ ਕਿਸੇ ਕਾਰਨ,
ਸਾਰੇ ਦੇਸ਼ ਲਈ ਫਿਕਰ ਦੀ ਬਾਤ ਮੀਆਂ।
ਹਰ ਕੋਈ ਕੱਢੇ ਕਸੂਰ ਪਿਆ ਦੂਸਰੇ ਦਾ,
ਬੁੱਕਲ ਵਿੱਚ ਨਹੀਂ ਮਾਰਦਾ ਝਾਤ ਮੀਆਂ।

**ਤੀਸ ਮਾਰ ਖਾਂ**

# ਡੰਪ ਟਰੱਕ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਵਿਅਕਤੀ ਦੀ ਹੋਈ ਮੌਤ

ਟੋਰਾਂਟੋ, 13 ਨਵੰਬਰ (ਪੋਸਟ ਬਿਊਰੋ) : ਮਿੱਡਟਾਊਨ ਟੋਰਾਂਟੋ ਵਿੱਚ ਇੱਕ ਮਸ਼ਰੂਫ ਰੋਡ ਨੂੰ ਪਾਰ ਕਰਦੇ ਸਮੇਂ ਡੰਪ ਟਰੱਕ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ 53 ਸਾਲਾ ਵਿਅਕਤੀ ਦੀ ਮੌਤ ਹੋ ਗਈ। ਸੋਮਵਾਰ ਨੂੰ ਸਵੇਰੇ 10:30 ਵਜੇ ਇਸ ਹਾਦਸੇ ਦੀ ਜਾਣਕਾਰੀ ਮਿਲਣ ਤੋਂ ਤੁਰੰਤ ਬਾਅਦ ਡਫਰਿਨ ਸਟਰੀਟ ਤੇ ਐਗਲਿੰਟਨ ਐਵਨਿਊ ਵੈਸਟ ਉੱਤੇ ਪੁਲਿਸ ਪਹੁੰਚ ਗਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇੰਸਪੈਕਟਰ ਜੈੱਫ ਬਸਿੰਗਥਵੇਟ ਨੇ ਦੱਸਿਆ ਕਿ ਇੱਕ ਡੰਪ ਟਰੱਕ ਡਫਰਿਨ ਉੱਤੇ ਦੱਖਣ ਵੱਲ ਮੁੜਨ ਲਈ ਐਗਲਿੰਟਨ ਦੇ ਪੱਛਮ ਵਾਲੇ ਪਾਸਿਓਂ ਖੱਬਾ ਮੋੜ ਕੱਟ ਰਿਹਾ ਸੀ ਜਦੋਂ ਇੱਕ ਰਾਹਗੀਰ ਨਾਲ ਟਕਰਾ ਗਿਆ। ਇਸ ਘਟਨਾ ਵਿੱਚ ਰਾਹਗੀਰ ਗੰਭੀਰ ਜ਼ਖ਼ਮੀ ਹੋ ਗਿਆ। ਪੈਰਾਮੈਡਿਕਸ ਨੇ ਦੱਸਿਆ ਕਿ ਸੋਮਵਾਰ ਸਵੇਰੇ ਇੱਕ ਵਿਅਕਤੀ ਨੂੰ ਟਰੌਮਾ ਸੈਂਟਰ ਲੈ ਕੇ ਗਏ ਤੇ ਉਸ ਦੇ ਕਾਫੀ ਗੰਭੀਰ ਸੱਟਾਂ ਲੱਗੀਆਂ ਹੋਈਆਂ ਸਨ ਤੇ ਉਸ ਦੀ ਹਾਲਤ ਨਾਜ਼ੁਕ ਸੀ। ਟਰੌਮਾ ਸੈਂਟਰ ਵਿੱਚ ਦਾਖਲ ਇਹ ਰਾਹਗੀਰ ਜ਼ਖ਼ਮਾਂ ਦੀ ਤਾਬ ਨਾ ਸਹਾਰਦਿਆਂ ਹੋਇਆਂ ਦਮ ਤੋੜ ਗਿਆ। ਪੁਲਿਸ ਨੇ ਦੱਸਿਆ ਕਿ ਹਾਦਸੇ ਤੋਂ ਬਾਅਦ ਡੰਪ ਟਰੱਕ ਦਾ ਡਰਾਈਵਰ ਮੌਕੇ ਉੱਤੇ ਮੌਜੂਦ ਰਿਹਾ। ਪੁਲਿਸ ਨੇ ਦੱਸਿਆ ਕਿ ਅਜੇ ਤੱਕ ਇਹ ਸਪਸ਼ਟ ਨਹੀਂ ਹੋ ਸਕਿਆ ਹੈ ਕਿ ਕਿਸੇ ਤਰ੍ਹਾਂ ਦੇ ਚਾਰਜਿਜ਼ ਲਾਏ ਜਾਣਗੇ ਜਾਂ ਨਹੀਂ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।





















# ਸਪੀਕਰ ਸੰਧਵਾਂ ਨੇ ਹਲਕੇ ਦੇ ਮਿਹਨਤਕਸ਼ ਕਿਰਤੀ ਲੋਕਾਂ ਨਾਲ ਮਨਾਈ ਦੀਵਾਲੀ, ਵਿਲੱਖਣ ਉਪਰਾਲੇ ਦੀ ਲੋਕਾਂ ਵੱਲੋਂ ਸ਼ਲਾਘਾ



ਫ਼ਰੀਦਕੋਟ, 13 ਨਵੰਬਰ (ਗਿਆਨ ਸਿੰਘ): ਸਪੀਕਰ ਪੰਜਾਬ ਵਿਧਾਨ ਸਭਾ ਸੰਧਵਾਂ ਨੇ ਦੀਵਾਲੀ ਦਾ ਤਿਉਹਾਰ ਮਿਹਨ-ਤਕਸ਼, ਕਿਰਤੀ, ਵਿਕਲਾਂਗਾਂ, ਬੇਸਹਾਰਾ ਲੋਕਾਂ, ਨਿਆਸਰਿਆਂ, ਦਿਵਿਆਂਗਜਨਾਂ, ਬਜ਼ੁਰਗਾਂ, ਗਰੀਬਾਂ ਅਤੇ ਲੋੜਵੰਦਾਂ ਨੂੰ ਮਠਿਆਈਆਂ, ਕੰਬਲ ਅਤੇ ਨਗਦ ਰਾਸ਼ੀ ਵੰਡ ਕੇ ਮਨਾਇਆ।

ਸਪੀਕਰ ਸੰਧਵਾਂ ਨੇ ਦੀਵਾਲੀ ਦੀ ਖੁਸ਼ੀ ਲੋਕਤੰਤਰ ਦੇ ਚੌਥੇ ਥੰਮ ਮੀਡੀਆ ਨਾਲ ਜੁੜੇ ਜ਼ਿਲ੍ਹਾ ਫ਼ਰੀਦਕੋਟ ਦੇ ਪੱਤਰਕਾਰ ਭਰਾਵਾਂ ਸੰਗ ਸਾਂਝੀ ਕਰਨ ਦੇ ਮਨੋਰਥ ਤਹਿਤ ਆਪਣੇ ਘਰ ਵਿਚ ਇੱਕ ਚਾਹ ਪਾਰਟੀ ਦਾ ਪ੍ਰੋਗਰਾਮ ਵੀ ਰੱਖਿਆ, ਜਿਸ ਵਿਚ ਸਮੂਹ ਪੱਤਰਕਾਰ ਭਾਈਚਾਰੇ ਨੇ ਵੀ ਸ਼ਮੂਲੀਅਤ ਕੀਤੀ ।

ਇਸ ਮੌਕੇ ਆਪਣੇ ਸੰਬੋਧਨ ਵਿੱਚ ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਇਸ ਦਿਨ 52 ਰਾਜਿਆਂ ਨੂੰ 6ਵੇਂ ਗੁਰੂ ਹਰਿਗੋਬਿੰਦ ਸਾਹਿਬ ਨੇ ਗਵਾਲੀਅਰ ਦੇ ਕਿਲ੍ਹੇ ਚੋਂ ਰਿਹਾ ਕਰਵਾਇਆ ਸੀ ਤੇ ਅਯੁੱਧਿਆ ਵਿਖੇ ਸ੍ਰੀ ਰਾਮ 14 ਸਾਲ ਦੇ ਬਨਵਾਸ ਉਪਰੰਤ ਵਾਪਿਸ ਪਰਤੇ ਸਨ, ਉਸ ਦਿਨ ਦੀ ਯਾਦ ਵਿੱਚ ਇਹ ਪਵਿੱਤਰ ਤਿਉਹਾਰ ਬਣਾਇਆ ਜਾਂਦਾ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਪੀਕਰ ਸੰਧਵਾਂ ਨੇ ਆਖਿਆ ਕਿ ਮੇਰੀ ਦਿਲੀ ਇੱਛਾ ਇਹੀ ਸੀ ਕਿ ਮੈਂ ਦੀਵਾਲੀ ਦਾ ਤਿਉਹਾਰ ਉਨ੍ਹਾਂ ਲੋਕਾਂ ਨਾਲ ਮਨਾਵਾਂ ਜਿਹੜੇ ਦੀਵਾਲੀ ਵਾਲੇ ਦਿਨ ਵੀ ਕਿਰਤ ਕਰਦੇ ਹਨ ਅਤੇ ਇਸ ਦਿਨ ਵੀ ਖੁਦ ਨੂੰ ਵਿਹਲਾ ਨਹੀਂ ਰਹਿਣ ਦਿੰਦੇ ਅਰਥਾਤ ਹਮੇਸ਼ਾਂ ਖੁਦ ਨੂੰ ਕਿਰਤ ਨਾਲ ਜੁੜਿਆ ਹੋਇਆ ਰੱਖ ਕੇ ਹੋਰਨਾਂ ਲਈ ਪ੍ਰੇਰਨਾ ਸਰੋਤ ਬਣਦੇ ਹਨ।

ਉਨ੍ਹਾਂ ਕਿਹਾ ਕਿ ਉਹ ਇਹ ਤਿਉਹਾਰ ਇਹਨਾਂ ਲੋਕਾਂ ਨਾਲ ਮਨਾ ਕੇ ਏਨਾ ਨਾਲ ਖੁਸ਼ੀਆਂ ਸਾਂਝੀਆਂ ਕਰਨਾ ਚਾਹੁੰਦੇ ਸਨ। ਉਨ੍ਹਾਂ ਕਿਹਾ ਕਿ ਉਹ ਸਾਂਝੀਵਾਲਤਾ ਤੇ ਪਿਆਰ ਦਾ ਸੰਦੇਸ਼ ਦੇਣਾ ਚਾਹੁੰਦੇ ਹਨ।

ਸੰਧਵਾਂ ਨੇ ਸ਼ਹਿਰ ਦੇ ਇਲਾਕਿਆਂ ਵਿਚ ਖੁਦ ਪੁੱਜਕੇ ਸਥਾਨਕ ਦੁਕਾਨਦਾਰਾਂ ਨੂੰ ਦੀਵਾਲੀ ਦੀ ਮੁਬਾਰਕਬਾਦ ਭੇਟ ਕੀਤੀ ਅਤੇ ਕਿਰਤੀ ਰਿਕਸ਼ਾ ਚਾਲਕਾਂ, ਮੋਚੀਆਂ, ਸਫ਼ਾਈ ਕਰਮਚਾਰੀਆਂ ਅਤੇ ਦੀਵੇ ਵੇਚਣ ਵਾਲੇ ਮਿਹਨ-ਤਕਸ਼ ਲੋਕਾਂ ਨੂੰ ਮਠਿਆਈ, ਕੰਬਲ ਅਤੇ ਨਗਦ ਰਾਸ਼ੀ ਭੇਟ ਕਰਕੇ ਦੀਵਾਲੀ ਦੀਆਂ ਖੁਸ਼ੀਆ ਸਾਂਝੀਆਂ ਕੀਤੀਆਂ।

ਇਸ ਮੌਕੇ ਉਨ੍ਹਾਂ ਮਿਊਂਸੀਪਲ ਕਾਰਪੋਰੇਸ਼ਨ, ਕੋਟਕਪੂਰਾ ਦੇ ਸਾਹਮਣੇ ਪਾਰਕ ਵਿਖੇ ਦੀਵਾਲੀ ਤੇ ਸ੍ਰੀ ਰਾਮ ਸੇਵਾ ਮੰਡਲ ਵਲੋਂ ਚਲਾਈ ਰੁੱਖ ਲਗਾਉਣ ਦੀ ਮੁਹਿੰਮ ਤਹਿਤ ਰੁੱਖ ਵੀ ਲਗਾਇਆ।

ਇਸ ਮੌਕੇ ਉਨ੍ਹਾਂ ਨਾਲ ਮਨਪ੍ਰੀਤ ਸਿੰਘ ਧਾਲੀਵਾਲ ਪੀ.ਆਰ.ਓ, ਅਮਨਦੀਪ ਸਿੰਘ ਸੰਧੂ ਮਲਟੀ ਟਾਸਕ ਵਰਕਰ, ਸੈਕਟਰੀ ਰੈੱਡ ਕਰਾਸ ਸੁਸਾਇਟੀ ਮਨਦੀਪ ਸਿੰਘ, ਚੈਅਰਮੈਨ ਗੁਰਮੀਤ ਸਿੰਘ ਆਰੇਵਾਲਾ, ਨਰੇਸ਼ ਸਿੰਗਲਾ, ਨਾਇਬ ਤਹਿਸੀਲਦਾਰ ਗੁਰਚਰਨ ਸਿੰਘ, ਸੁਖਵੰਤ ਸਿੰਘ ਪੱਕਾ ਜਿਲ੍ਹਾ ਯੂਥ ਪ੍ਰਧਾਨ, ਗੁਰਜਿੰਦਰ ਸਿੰਘ ਪੱਕਾ, ਸੋਨੂੰ ਬਤਰਾ ਪ੍ਰਧਾਨ ਸਬਜ਼ੀ ਮੰਡੀ ਕੋਟਕਪੂਰਾ, ਸੁਖਜਿੰਦਰ ਸਿੰਘ ਸੋਨੀ, ਬਲਾਕ ਪ੍ਰਧਾਨ ਮੇਹਰ ਸਿੰਘ ਚਾਨੀ, ਸੰਜੀਵ ਕਾਲੜਾ, ਮਨਜੀਤ ਸ਼ਰਮਾ, ਗੁਰਮੀਤ ਸਿੰਘ ਧੂਰਕੋਟ, ਜਸਪ੍ਰੀਤ ਚਾਹਲ, ਭੋਲਾ ਸਿੰਘ ਨਵਾਂ ਟਹਿਣਾ, ਮਾਸਟਰ ਕੁਲਦੀਪ ਸਿੰਘ ਮੌੜ, ਸੰਦੀਪ ਕੰਮੇਆਣਾ ਆਦਿ ਹਾਜ਼ਰ ਸਨ।

# ਬਾਬਾ ਵਿਸ਼ਵਕਰਮਾ ਜੀ ਦੀ ਯਾਦ ਵਿਚ ਸੰਦੀਪ ਵਡੇਰਾ, ਅਮਰਜੀਤ, ਅਮਰੀਕ, ਕਰਮ ਸਿੰਘ, ਗਹੀਰ, ਜੈਮਕੋ, ਡਾ. ਬਲਵਿੰਦਰ, ਛਾਪਾ, ਬੱਬੂ, ਜਗਦੇਵ, ਪਰਮ ਦਿਆਲ, ਲੋਟੇ ਸਨਮਾਨਿਤ

## ਸ਼ਿਲਪ ਕਲਾ ਦੇ ਬਾਨੀ ਬਾਬਾ ਵਿਸ਼ਵਕਰਮਾ ਜੀ ਨੂੰ ਯਾਦ ਕਰਨਾ ਹਰ ਕਲਾ ਪ੍ਰੇਮੀ, ਕਿਰਤੀ ਦਾ ਫ਼ਰਜ਼ : ਸਿੱਧੂ, ਬਾਵਾ







ਲੁਧਿਆਣਾ, 13 ਨਵੰਬਰ (ਗਿਆਨ ਸਿੰਘ): ਅੱਜ ਬਾਬਾ ਵਿਸ਼ਵਕਰਮਾ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਬਾਬਾ ਵਿਸ਼ਵਕਰਮਾ ਜੀ ਦੀ ਯਾਦ ਵਿਚ 20ਵਾਂ ਸੂਬਾ ਪੱਧਰੀ ਸਮਾਗਮ ਆਯੋਜਿਤ ਕੀਤਾ ਗਿਆ ਜੋ ਕਿ ਫਾਊਂਡੇਸ਼ਨ ਦੇ ਮੁੱਖ ਸਰਪ੍ਰਸਤ ਕ੍ਰਿਸ਼ਨ ਕੁਮਾਰ ਬਾਵਾ, ਚਰਨਜੀਤ ਸਿੰਘ ਵਿਸ਼ਵਕਰਮਾ, ਸੁਰਜੀਤ ਸਿੰਘ ਲੋਟੇ, ਪ੍ਰਧਾਨ ਅੰਤਰਰਾਸ਼ਟਰੀ ਫਾਊਂਡੇਸ਼ਨ ਰਣਜੀਤ ਸਿੰਘ ਮਠਾੜੂ, ਚੇਅਰਮੈਨ ਫਾਊਂਡੇਸ਼ਨ ਅਮਰੀਕ ਸਿੰਘ ਘੜਿਆਲ, ਕਨਵੀਨਰ ਰਣਧੀਰ ਸਿੰਘ ਦਹੇਲੇ, ਜਨਰਲ ਸਕੱਤਰ ਫਾਊਂਡੇਸ਼ਨ ਰੇਸ਼ਮ ਸਿੰਘ ਸੱਗੂ ਦੀ ਸਰਪ੍ਰਸਤੀ ਹੇਠ ਹੋਇਆ। ਇਸ ਸਮੇਂ ਮੁੱਖ ਮਹਿਮਾਨ ਦੇ ਰੂਪ ਵਿਚ ਕੁਲਵੰਤ ਸਿੰਘ ਸਿੱਧੂ ਵਿਧਾਇਕ ਹਲਕਾ ਆਤਮ ਨਗਰ ਹਾਜ਼ਰ ਹੋਏ ਜਦਕਿ ਲਾਇਬ੍ਰੇਰੀ ਦਾ ਨੀਂਹ ਪੱਥਰ ਕੁਲਵੰਤ ਸਿੰਘ ਅਤੇ ਕ੍ਰਿਸ਼ਨ ਕੁਮਾਰ ਬਾਵਾ ਸਾਬਕਾ ਚੇਅਰਮੈਨ ਅਤੇ ਰੇਸ਼ਮ ਸਿੰਘ ਸੱਗੂ ਨੇ ਰੱਖਿਆ ਤਾਂ ਕਿ ਕਿਤਾਬਾਂ ਰਾਹੀਂ ਗਿਆਨ ਪ੍ਰਾਪਤ ਕਰਕੇ ਅਸੀਂ ਸੋਹਣੇ ਸਮਾਜ ਦੀ ਸਿਰਜਨਾ ਕਰ ਸਕੀਏ।

ਇਸ ਸਮੇਂ ਸੰਦੀਪ ਵਡੇਰਾ ਏ.ਸੀ.ਪੀ. ਨੂੰ ਮਹੰਤ ਬਲਭੱਦਰ ਦਾਸ ਜੀ ਦੀ ਯਾਦ ਵਿਚ ਜਦ ਕਿ ਅਮਰਜੀਤ ਸਿੰਘ ਸਿਆਨ ਨੂੰ ਤਾਰਾ ਸਿੰਘ ਵਿਸ਼ਵਕਰਮਾ ਜੀ ਯਾਦਗਾਰੀ ਸਨਮਾਨ, ਬਲਜੀਤ ਸਿੰਘ ਗਹੀਰ ਨੂੰ ਮਨਜੀਤ ਸਿੰਘ ਐਮ.ਐੱਸ.ਐੱਸ. ਯਾਦਗਾਰੀ ਸਨਮਾਨ, ਗੁਰਚਰਨ ਸਿੰਘ ਜੈਮਕੋ ਨੂੰ ਸੁਖਦੇਵ ਸਿੰਘ ਮਠਾੜੂ ਯਾਦਗਾਰੀ ਸਨਮਾਨ, ਡਾ. ਬਲਵਿੰਦਰ ਸਿੰਘ ਨੂੰ ਗਿਆਨ ਸਿੰਘ ਮਣਕੂ ਯਾਦਗਾਰੀ ਸਨਮਾਨ, ਜਸਵੰਤ ਸਿੰਘ ਛਾਪਾ ਨੂੰ ਕਰਤਾਰ ਸਿੰਘ ਦਹੇਲੇ ਯਾਦਗਾਰੀ ਸਨਮਾਨ, ਇੰਦਰਜੀਤ ਸਿੰਘ ਬੱਬੂ ਨੂੰ ਅਜੀਤ ਸਿੰਘ ਕੁਲਾਰ ਯਾਦਗਾਰੀ ਸਨਮਾਨ, ਜਗਦੇਵ ਸਿੰਘ ਦਹੇਲੇ ਨੂੰ ਸੇਵਾ ਸਿੰਘ ਪਰਫੈਕਟ ਯਾਦਗਾਰੀ ਸਨਮਾਨ, ਪਰਮ ਦਿਆਲ ਸਿੰਘ ਮਠਾੜੂ ਨੂੰ ਸਰਦਾਰਾ ਸਿੰਘ ਨਵਯੁਗ ਯਾਦਗਾਰੀ ਸਨਮਾਨ, ਜਗਦੀਪ ਸਿੰਘ ਲੋਟੇ ਨੂੰ ਕਾਬਲ ਸਿੰਘ ਸੱਗੂ ਯਾਦਗਾਰੀ ਸਨਮਾਨ ਦਿੱਤਾ ਗਿਆ।

ਇਸ ਸਮੇਂ ਕੁਲਵੰਤ ਸਿੰਘ ਸਿੱਧੂ ਨੇ ਕਿਹਾ ਕਿ ਕਿਰਤੀਆਂ ਦੇ ਦੇਵਤਾ ਬਾਬਾ ਵਿਸ਼ਵਕਰਮਾ ਜੀ ਨੂੰ ਪਿਛਲੇ 20 ਸਾਲ ਤੋਂ ਬਾਵਾ ਜੀ ਦੇ ਉੱਦਮ ਸਦਕਾ ਰੇਸ਼ਮ ਸਿੰਘ ਸੱਗੂ, ਚਰਨਜੀਤ ਸਿੰਘ ਵਿਸ਼ਵਕਰਮਾ, ਰਣਜੀਤ ਸਿੰਘ ਮਠਾੜੂ, ਦਰਸ਼ਨ ਸਿੰਘ ਲੋਟੇ, ਅਮਰੀਕ ਸਿੰਘ ਘੜਿਆਲ ਯਾਦ ਕਰਦੇ ਹਨ ਅਤੇ ਕਿਰਤੀ ਸ਼ਖ਼ਸੀਅਤਾਂ ਨੂੰ ਸਨਮਾਨ ਦਿੰਦੇ ਹਨ। ਇਸ ਸਮੇਂ ਬਾਵਾ ਨੇ ਸਭ ਦਾ ਧੰਨਵਾਦ ਕੀਤਾ।

ਇਸ ਸਮੇਂ ਏਕਓਮਕਾਰ ਸਿੰਘ, ਪਾਲ ਸਿੰਘ ਮਠਾੜੂ, ਬਲਜਿੰ-ਦਰ ਸਿੰਘ ਗੋਰਾ, ਬਲਵਿੰਦਰ ਸਿੰਘ ਹੂੰਝਣ, ਅਮਰਪਾਲ ਸਿੰਘ, ਸੁਖਜਿੰਦਰ ਸਿੰਘ ਜਗਦੇਵ, ਨਰਿੰਦਰ ਮਲਹੋਤਰਾ, ਇਕਬਾਲ ਸਿੰਘ ਰਿਐਤ, ਅਮਨਦੀਪ ਸੀਰਾ, ਪਲਵਿੰਦਰ ਸਿੰਘ ਭੋਲਾ, ਅਵਤਾਰ ਸਿੰਘ ਚਾਨੇ, ਲਖਵਿੰਦਰ ਸਿੰਘ ਲਾਲੀ, ਸੋਨੂੰ ਮਠਾੜੂ, ਪਰਮਜੀਤ ਸਿੰਘ ਧੰਜਲ, ਰੁਪਿੰਦਰ ਸਿੰਘ ਰਿੰਕੂ ਆਪ ਨੇਤਾ, ਰਜਿੰਦਰ ਸਿੰਘ ਖੁਰਲ, ਜਨਕ ਰਾਜ, ਹਰਬੰਸ ਸਿੰਘ ਪਨੇਸਰ, ਚਰਨਜੀਤ ਸਿੰਘ ਚੰਨ, ਸੁਰਜੀਤ ਸਿੰਘ ਬਸੰਤ ਹਾਜ਼ਰ ਸਨ। ਇਸ ਸਮੇਂ ਮੱਖਣ ਪ੍ਰੀਤ, ਨੀਤੂ ਵਿਰਕ ਆਰਟਿਸਟ ਨੇ ਬਾਬਾ ਜੀ ਦਾ ਗੁਣਗਾਨ ਕੀਤਾ।

# ਯੂ.ਕੇ ਦੇ ਪ੍ਰਧਾਨ ਮੰਤਰੀ ਸੁਨਕ ਨੇ ਸੁਏਲਾ ਬ੍ਰੇਵਰਮੈਨ ਨੂੰ ਗ੍ਰਹਿ ਸਕੱਤਰ ਦੇ ਅਹੁਦੇ ਤੋਂ ਹਟਾਇਆ

ਲੰਡਨ, 13 ਨਵੰਬਰ (ਪੋਸਟ ਬਿਊਰੋ): ਬ੍ਰਿਟੇਨ ਦੇ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਸੋਮਵਾਰ ਸਵੇਰੇ ਮੰਤਰੀ ਮੰਡਲ ਵਿੱਚ ਫੇਰਬਦਲ ਸ਼ੁਰੂ ਕੀਤਾ ਅਤੇ ਸੁਏਲਾ ਬ੍ਰੇਵਰਮੈਨ ਨੂੰ ਗ੍ਰਹਿ ਸਕੱਤਰ ਦੇ ਅਹੁਦੇ ਤੋਂ ਬਰਖਾਸਤ ਕਰ ਦਿੱਤਾ। ਡਾਊਨਿੰਗ ਸਟ੍ਰੀਟ ਤੋਂ ਆ ਰਹੀਆਂ ਰਿਪੋਰਟਾਂ ਅਨੁਸਾਰ ਸੁਨਕ ਨੇ ਇਹ ਫ਼ੈਸਲਾ ਉਦੋਂ ਲਿਆ, ਜਦੋਂ ਮੈਟਰੋਪੋਲੀਟਨ ਪੁਲਸ 'ਤੇ ਹਮਲਾ ਕਰਨ ਵਾਲਾ ਇੱਕ ਵਿਵਾਦਗ੍ਰਸਤ ਅਖਬਾਰ ਲੇਖ ਸਾਹਮਣੇ ਆਇਆ, ਜੋ ਉਸਦੇ ਬੌਸ ਦੀ ਮਨਜ਼ੂਰੀ ਤੋਂ ਬਿਨਾਂ ਪ੍ਰਕਾਸ਼ਿਤ ਕੀਤਾ ਗਿਆ ਸੀ। ਲੇਖ ਪ੍ਰਕਾਸ਼ਿਤ ਹੋਣ ਤੋਂ ਬਾਅਦ ਸੁਏਲਾ ਦੀ ਨੌਕਰੀ ਨੂੰ ਲੈ ਕੇ ਕਈ ਦਿਨਾਂ ਦੀਆਂ ਅਟਕਲਾਂ ਤੋਂ ਚੱਲ ਰਹੀਆਂ ਸਨ ।



43 ਸਾਲਾ ਗੋਆ-ਮੂਲ ਦੀ ਕੈਬਨਿਟ ਮੰਤਰੀ ਨੇ ਆਪਣੀ ਸੀਨੀਅਰ ਯੂ.ਕੇ ਕੈਬਨਿਟ ਭੂਮਿਕਾ ਵਿੱਚ ਵਾਰ-ਵਾਰ ਵਿਵਾਦਾਂ ਦਾ ਸਾਹਮਣਾ ਕੀਤਾ ਹੈ। ਹਾਲ ਹੀ ਵਿਚ 'ਦਿ ਟਾਈਮਜ਼' ਦੇ ਇੱਕ ਲੇਖ ਵਿੱਚ ਹਮਲਾਵਰ ਇਜ਼ਰਾਈਲ-ਗਾਜ਼ਾ ਵਿਰੋਧ ਪ੍ਰਦਰਸ਼ਨਾਂ ਨਾਲ ਨਜਿੱਠਣ ਵੇਲੇ ਮੇਟ ਪੁਲਸ 'ਤੇ ਫਲਸਤੀਨ ਪੱਖੀ ਹੋਣ ਦਾ ਦੋਸ਼ ਲਗਾਇਆ ਗਿਆ ਸੀ। ਸੁਏਲਾ ਨੇ ਆਪਣੇ ਲੇਖ ਵਿਚ ਲੰਡਨ ਪੁਲਸ 'ਤੇ ਫਿਲਸਤੀਨ ਪੱਖੀ ਪ੍ਰਦਰਸ਼ਨਕਾਰੀਆਂ ਪ੍ਰਤੀ ਬਹੁਤ ਨਰਮੀ ਵਰਤਣ ਦਾ ਦੋਸ਼ ਲਗਾਇਆ ਸੀ। ਸੁਨਕ ਆਪਣੀ ਕੰਜ਼ਰਵੇਟਿਵ ਪਾਰਟੀ ਦੇ ਕੁਝ ਹਿੱਸਿਆਂ ਦੇ ਦਬਾਅ ਹੇਠ ਸੀ ਅਤੇ ਨਾਲ ਹੀ ਵਿਰੋਧੀ ਧਿਰ ਦੇ ਹਮਲਿਆਂ ਦਾ ਸਾਹਮਣਾ ਕਰ ਰਹੀ ਸੀ ਕਿਉਂਕਿ ਉਸਨੇ ਮੰਤਰੀ ਦੇ ਜ਼ਾਬਤੇ ਦੀ ਕਥਿਤ ਉਲੰਘਣਾ ਵਿੱਚ ਲੇਖ ਨੂੰ ਅੱਗੇ ਵਧਣ ਤੋਂ ਬਾਅਦ ਉਸਨੂੰ ਆਪਣੀ ਨੌਕਰੀ 'ਤੇ ਜਾਰੀ ਰੱਖਣ ਦੀ ਇਜਾਜ਼ਤ ਦਿੱਤੀ ਸੀ।


Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com



98 JOHN ST E
Bradford West Gwillimbury, Ontario L3Z1G4

$1,149,000

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



CAPITAL DRUG TESTING

Capital DRUG TESTING

Drug and Alcohol Test

DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਮੁੱਖ ਮੰਤਰੀ ਭਗਵੰਤ ਮਾਨ ਨੇ ਸਮਰਾਲਾ ਨੇੜੇ ਧੁੰਦ ਕਾਰਨ ਵਾਪਰੇ ਸੜਕ ਹਾਦਸੇ ’ਤੇ ਕੀਤਾ ਦੁੱਖ ਦਾ ਪ੍ਰਗਟਾਵਾ



ਚੰਡੀਗੜ੍ਹ, 13 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਸਮਰਾਲਾ ਨੇੜੇ ਸੰਘਣੀ ਧੁੰਦ ਕਾਰਨ ਵਾਪਰੇ ਦਰਦਨਾਕ ਸੜਕ ਹਾਦਸੇ ‘ਤੇ ਡੂੰਘਾ ਅਫ਼ਸੋਸ ਜ਼ਾਹਰ ਕੀਤਾ ਹੈ, ਜਿਸ ਕਾਰਨ ਕਈ ਯਾਤਰੀ ਜ਼ਖਮੀ ਹੋ ਗਏ ਹਨ।

ਮੁੱਖ ਮੰਤਰੀ ਨੇ ਇਸ ਘਟਨਾ ‘ਤੇ ਅਫ਼ਸੋਸ ਜ਼ਾਹਰ ਕਰਦਿਆਂ ਦੱਸਿਆ ਕਿ ਅੱਜ ਸਵੇਰੇ ਸੰਘਣੀ ਧੁੰਦ ਕਾਰਨ ਕਈ ਵਾਹਨ ਆਪਸ ਵਿੱਚ ਟਕਰਾ ਗਏ, ਜਿਸ ਕਾਰਨ ਕਈ ਯਾਤਰੀ ਜ਼ਖਮੀ ਹੋਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਜ਼ਲ੍ਹਿਾ ਪ੍ਰਸ਼ਾਸਨ ਨੂੰ ਸਾਰੇ ਜ਼ਖ਼ਮੀਆਂ ਦਾ ਮੁਫ਼ਤ ਇਲਾਜ ਕਰਨ ਦੇ ਨਿਰਦੇਸ਼ ਪਹਿਲਾਂ ਹੀ ਦੇ ਦਿੱਤੇ ਹਨ।

ਉਨ੍ਹਾਂ ਕਿਹਾ ਕਿ ਉਹ ਪ੍ਰਸ਼ਾਸਨ ਦੇ ਲਗਾਤਾਰ ਸੰਪਰਕ ਵਿੱਚ ਹਨ ਅਤੇ ਸਥਿਤੀ ’ਤੇ ਨੇੜਿਓਂ ਨਜ਼ਰ ਰੱਖ ਰਹੇ ਹਨ। ਮੁੱਖ ਮੰਤਰੀ ਨੇ ਅੱਗੇ ਧੁੰਦ ਦੇ ਦਿਨਾਂ ਦੌਰਾਨ ਲੋਕਾਂ ਨੂੰ ਆਪਣੇ ਵਾਹਨ ਸਾਵਧਾਨੀ ਨਾਲ ਚਲਾਉਣ ਲਈ ਕਿਹਾ ਤਾਂ ਜੋ ਕਿਸੇ ਵੀ ਤਰ੍ਹਾਂ ਦੇ ਜਾਨੀ-ਮਾਲੀ ਨੁਕਸਾਨ ਤੋਂ ਬਚਿਆ ਜਾ ਸਕੇ।

NEED A LAWYER ??
KAUR LAW OFFICE
Red Seal NOTARY



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

ਸਿੱਖ ਸਪਿਰਚੂਅਲ ਸੈਂਟਰ ਟੋਰਾਂਟੋ ਵੱਲੋਂ
ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ
ਪ੍ਰਭਾਤ ਫੇਰੀ



28 ਅਕਤੂਬਰ ਤੋਂ 26 ਨਵੰਬਰ ਤੱਕ
ਹਰ ਸ਼ਨੀਵਾਰ ਅਤੇ ਐਤਵਾਰ
ਸਵੇਰ 5:00 ਤੋਂ 6:30 ਵਜੇ
ਗੁਰਦੁਆਰਾ ਸਿੱਖ ਸਪਿਰਚੁਅਲ ਸੈਂਟਰ ਤੋਂ ਰਵਾਨਾ ਹੋ ਕੇ ਸਮਾਪਤੀ ਗੁਰਦੁਆਰਾ ਸਾਹਿਬ ਹੀ ਹੋਵੇਗੀ।
SIKH SPIRITUAL CENTRE TORONTO
9 Carrier Dr, Etobicoke, ON M9V 4B2 | 416-746-6666

Tech Spirit
Consultation, Installation & Servicing



Specialized in:
- Analog & IP security cameras
- Installation & Maintenance, Upgrade
- Video Doorbell Installation

Call: 905-621-4100
7-8770 The Gore Road, Brampton, ON L6P 0B1



1080p HD ਦੇ 4 ਸਿਕਿਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਨਾਈ ਸਿੱਖ ਲੜਕਾ, 1988, ਕੱਦ 5 ਫੁਟ, 6 ਇੰਚ, ਕੈਨੇਡਾ ਪੀ.ਆਰ., ਆਪਣਾ ਕੰਮ, ਵੈਸਨੂੰ ਪਰਿਵਾਰ, ਸੁੰਦਰ ਅਤੇ ਕੈਨੇਡਾ ਪੀ.ਆਰ. ਲੜਕੀ ਦੀ ਲੋੜ। ਸੰਪਰਕ: 9041527924

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2’’ ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

Visions of Punjab



VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com



Natasha Mahal
Co-Host
Iqbal Mahal
Producer & Host
Serving the South Asian Community Since 1976

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ



ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
Call For FREE Estimate
7 Days A Week
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
100%
416.230.4000 • 647.409.1092
www.STARLANEPAINTING.com
ਹਰਜੀਤ ਧਾਲੀਆ

ਸੈਲ ਐਂਡ ਫਿਕਸ



ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਨਿਆਂ ਦਾ ਝੰਡਾ ਉੱਚਾ ਕਰੇਗਾ ਪੰਜਾਬ ਸਰਕਾਰ ਬਨਾਮ ਗਵਰਨਰ ਵਾਲਾ ਫੈਸਲਾ

ਜਤਿੰਦਰ ਪਨੂੰ ਦੀ ਕਲਮ ਤੋਂ



ਪੰਜਾਬ ਵਿੱਚ ਲੋਕਾਂ ਵੱਲੋਂ ਚੁਣੀ ਹੋਈ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਨਾਮਜ਼ਦ ਕੀਤੇ ਗਵਰਨਰ ਬਨਵਾਰੀਲਾਲ ਪੁਰੋਹਿਤ ਆਪੋ ਵਿੱਚ ਜਿੰਦਾਂ ਆਢਾ ਲਾਈ ਬੈਠੇ ਸਨ, ਭਾਰਤ ਦੀ ਸੁਪਰੀਮ ਕੋਰਟ ਨੇ ਇੱਕ ਤਰ੍ਹਾਂ ਉਸ ਸਾਰੇ ਰੇੜਕੇ ਦਾ ਪੱਕਾ ਹੱਲ ਪੇਸ਼ ਕਰ ਦਿੱਤਾ ਹੈ। ਸੁਪਰੀਮ ਕੋਰਟ ਦਾ ਫੈਸਲਾ ਬਹੁਤਾ ਕਰ ਕੇ ਗਵਰਨਰ ਦੇ ਵਿਰੁੱਧ ਆਇਆ ਹੈ। ਇਹ ਫੈਸਲਾ ਏਦਾਂ ਦਾ ਹੀ ਆਉਣ ਦੀ ਸੰਭਾਵਨਾ ਸੀ, ਕਿਉਂਕਿ ਜਿੰਦਾਂ ਗਵਰਨਰ ਬਨਵਾਰੀ ਲਾਲ ਪੁਰੋਹਿਤ ਨੇ ਰਾਜ ਸਰਕਾਰ ਦੇ ਫਰਜ਼ ਦੀ ਪੂਰਤੀ ਹੁੰਦੀ ਰੋਕੀ ਅਤੇ ਮੁੜ-ਮੁੜ ਕੰਡੇ ਵਿਛਾਏ ਸਨ, ਸੰਵਿਧਾਨ ਦੀ ਮਾੜੀ-ਮੋਟੀ ਜਾਣਕਾਰੀ ਰੱਖਦੇ ਸਾਡੇ ਵਰਗੇ ਪੱਤਰਕਾਰ ਵੀ ਇਸ ਨੂੰ ਅਜੀਬ ਤੇ ਸੰਵਿਧਾਨਕ ਹੱਦਾਂ ਤੋਂ ਬਾਹਰ ਜਾਣ ਦਾ ਕੰਮ ਮੰਨਦੇ ਸਨ। ਫਿਰ ਵੀ ਜਦੋਂ ਇਹ ਗੱਲ ਕਦੇਕਿਸੇ ਪੱਤਰਕਾਰ ਜਾਂ ਬੁੱਧੀਜੀਵੀ ਨੇ ਕਹਿਣੀ ਚਾਹੀ ਤਾਂ ਕਈ ਲੋਕਾਂ ਨੂੰ ਲੱਗਦਾ ਸੀ ਕਿ ਉਹ ਰਾਜ ਸਰਕਾਰ ਦਾ ਪੱਖ ਲੈਂਦਾ ਤੇ ਗਵਰਨਰ ਦੀ ਹਰ ਗੱਲ ਐਵੇਂ ਨਿੰਦਣ ਲੱਗਾ ਪਿਆ ਹੈ।ਘਟਨਾਵਾਂ ਨੂੰ ਸਮਝਣਾ ਅਤੇ ਉਨ੍ਹਾਂ ਦੇ ਸੰਵਿਧਾਨਕ ਪੱਖ ਬਾਰੇ ਬੋਲਣਾ ਅੱਜ ਦੇ ਲੋਕਤੰਤਰ ਅਤੇ ਪੱਤਰਕਾਰੀ ਦੋਵਾਂ ਵਿੱਚ ਮਨਫੀ ਹੁੰਦਾ ਜਾਂਦਾ ਹੈ ਤੇ ਆਪਣੇ ਜਾਂ ਪਰਾਏ ਆਗੂ ਦਾ ਪੱਖ ਲੈਣ ਲਈ ਕੁਝ ਬੋਲਣ ਦੀ ਧਾਰਨਾ ਪੱਕੀ ਹੋ ਚੁੱਕੀ ਹੈ। ਏਸੇ ਲਈ ਹਰ ਗੱਲ ਲਈ ਇੱਕੋ ਕਸਵੱਟੀ ਵਰਤੀ ਜਾਂਦੀ ਹੈ ਕਿ ਉਹ ਬੰਦਾ ਕਿਸ ਆਗੂ ਜਾਂ ਕਿਸ ਪਾਰਟੀ ਦੇ ਪੱਖ ਵਿੱਚ ਬੋਲਦਾਜਾਂ ਕਿਹੜੀ ਧਿਰ ਦੀ ਪੱਕੀ ਵਿਰੋਧਤਾ ਕਰਨ ਲਈ ਸਿਰਫ ਕਹਿਣ ਦੀ ਖਾਤਰ ਕੁਝ ਨਾ ਕੁਝ ਊਲ-ਜਲੂਲ ਜਿਹਾ ਕਹੀ ਜਾ ਰਿਹਾ ਹੈ! ਹੋਰ ਕੁਝ ਸੁੱਝਦਾ ਹੀ ਨਹੀਂ।

ਅਸੀਂ ਇਹ ਗੱਲ ਕਈ ਵਾਰੀ ਚੇਤੇ ਕਰਾਈ ਸੀ ਕਿ ਜਦੋਂ ਪੰਜਾਬ ਵਿੱਚ ਕਾਂਗਰਸ ਦੇ ਮੁੱਖ ਮੰਤਰੀ ਸਨ, ਉਹ ਭਾਵੇਂ ਕੈਪਟਨ ਅਮਰਿੰਦਰ ਸਿੰਘ ਤੇ ਭਾਵੇਂ ਚਰਨਜੀਤ ਸਿੰਘ ਚੰਨੀ ਦਾ ਰਾਜਸੀ, ਪੰਜਾਬ ਦੇ ਇਹ ਹੀ ਗਵਰਨਰ ਬਨਵਾਰੀ ਲਾਲ ਪੁਰੋਹਿਤ ਕਦੀ ਕਿਸੇ ਮੁੱਦੇ ਉੱਤੇ ਅੜਿੱਕਾ ਪਾਉਂਦੇ ਨਹੀਂ ਸੀ ਵੇਖੇ। ਅੰਦਰ-ਖਾਤੇ ਕੁਝ ਮੱਤਭੇਦ ਹੋਣ ਦੀ ਚਰਚਾ ਓਦੋਂ ਵੀ ਕਦੀ-ਕਦੀ ਸੁਣਦੀ ਸੀ, ਪਰ ਓਦੋਂ ਦੋਵੇਂ ਧਿਰਾਂ ਖੰਡਨ ਕਰ ਦੇਂਦੀਆਂ ਸਨ, ਕਦੀ ਗਵਰਨਰ ਸਾਹਿਬ ਨੇ ਮੁੱਖ ਮੰਤਰੀ ਵੱਲ ਚਿੱਠੀ ਨਹੀਂ ਸੀ ਲਿਖੀ ਅਤੇ ਅੱਗੋਂ ਉਹ ਚਿੱਠੀ ਕਦੀ ਮੁੱਖ ਮੰਤਰੀ ਕੋਲ ਪੁੱਜਣ ਤੋਂ ਵੀ ਪਹਿਲਾਂ ਮੀਡੀਆ ਦੀਆਂ ਖ਼ਬਰਾਂ ਦਾ ਹਿੱਸਾ ਬਣਦੀ ਨਹੀਂ ਸੀ ਵੇਖੀ। ਮੌਜੂਦਾ ਮੁੱਖ ਮੰਤਰੀ ਕਿਉਂਕਿ ਨਵੀਂ ਉੱਠੀ ਪਾਰਟੀ ਦਾ ਆਗੂ ਹੈ, ਇਸ ਦੇਸ਼ ਦੀਆਂ ਮੁੱਖ ਪੁਰਾਣੀਆਂ ਪਾਰਟੀਆਂ ਨੂੰ ਇਸ ਦੀ ਉਠਾਣ ਸੁਖਾਵੀਂ ਨਹੀਂ ਲੱਗਦੀ। ਅਸੀਂ ਪਿਛਲੀ ਕਰੀਬ ਅੱਧੀ ਸਦੀ ਤੋਂ ਪੰਜਾਬ ਅਤੇ ਦੇਸ਼ ਪੱਧਰ ਦੀਆਂ ਰਾਜਸੀ ਘਟਨਾਵਾਂ ਨੂੰ ਵਾਪਰਦਾ ਵੇਖਿਆ ਹੈ, ਪਰ ਇਹ ਗੱਲ ਕਦੀ ਨਹੀਂ ਸੀ ਸੁਣੀ ਕਿ ਕੋਈ ਸਰਕਾਰ ਬਣੀ ਹੋਵੇ ਤਾਂ ਪਹਿਲੇ ਹਫਤੇ ਹੀ ਵਿਰੋਧੀ ਪਾਰਟੀਆਂ ਦੇ ਆਗੂ ਉਸ ਦਾ ਅਸਤੀਫਾ ਮੰਗਣ ਤੁਰ ਪੈਣ।ਜਦੋਂ ਲੋਕਾਂ ਨੇ ਇਹ ਅਜੋਕੀ ਸਰਕਾਰ ਚੁਣੀ ਤਾਂ ਸੋਲਾਂ ਮਾਰਚ ਨੂੰ ਮੁੱਖ ਮੰਤਰੀ ਭਗਵੰਤ ਮਾਨ ਇਕੱਲੇ ਨੇ ਸਹੁੰ ਚੁੱਕੀ ਸੀ, ਕੁਝ ਦਿਨ ਬਾਅਦ ਮੰਤਰੀਆਂ ਨੂੰ ਸਹੁੰ ਚੁਕਾਈ ਗਈ ਤੇ ਜਦੋਂ ਹਾਲੇ ਨਵੇਂ ਚੁਣੇ ਵਿਧਾਇਕਾਂ ਨੂੰ ਸਹੁੰ ਚੁਕਾਉਣ ਦੀ ਰਸਮ ਹੋ ਰਹੀ ਸੀ, ਰਾਜ ਦੀ ਇੱਕ ਪਾਰਟੀ ਦੇ ਮੁਖੀ ਨੇ ਮੁੱਖ ਮੰਤਰੀ ਦਾ ਅਸਤੀਫਾ ਮੰਗ ਲਿਆ ਸੀ। ਇਹ ਸ਼ਰੀਕ ਦੇ ਘਰ ਪੁੱਤ ਜੰਮਦੇ ਸਾਰ ਨਵ-ਜੰਮੇ ਬੱਚੇ ਉੱਤੇ ਗੁੰਡਾਗਰਦੀ ਦਾ ਦੋਸ਼ ਲਾਉਣ ਦੀ ਗੱਲ ਸੀ। ਅਗਲੇ ਦਿਨੀਂ ਵਿਰੋਧੀ ਪਾਰਟੀਆਂ ਦੇ ਸਭ ਲੀਡਰ ਅੱਗੜ-ਪਿੱਛੜ ਪੰਜਾਬ ਦੇ ਗਵਰਨਰ ਨੂੰ ਮੰਗ-ਪੱਤਰ ਦੇਣ ਲਈ ਚੱਲ ਪਏ ਤਾਂ ਓਹਲਾ ਓਦੋਂ ਹੀ ਨਹੀਂ ਸੀ ਰਹਿ ਗਿਆ ਕਿ ਨਵੀਂ ਸਿਆਸੀ ਧਿਰ ਦਾ ਉੱਠਣਾ ਚੰਗਾ ਨਹੀਂ ਸੀ ਸਮਝਿਆ ਗਿਆ। ਸ਼ਾਇਦ ਇਹੋ ਪ੍ਰਭਾਵ ਗਵਰਨਰ ਬਨਵਾਰੀ ਲਾਲ ਪੁਰੋਹਿਤ ਦੇ ਮਨ ਵਿੱਚ ਬਣ ਗਿਆ ਸੀ, ਜਿਹੜੇ ਪਹਿਲੇ ਦਿਨੋਂ ਹੀਆਪਣੇ ਅੰਦਰਲੀ ਕੌੜ ਨਹੀਂ ਸਨ ਲੁਕਾ ਸਕੇ।

ਇਸ ਖਿੱਚੋਤਾਣ ਵਿੱਚ ਸਾਲ ਦੇ ਕਰੀਬ ਨਿਕਲ ਗਿਆ ਸੀ, ਪਰ ਹੋਰ ਹੈਰਾਨੀ ਦੀ ਗੱਲ ਉਹ ਸੀ, ਜਦੋਂ ਪੰਜਾਬ ਦਾ ਬੱਜਟ ਪਾਸ ਕਰਨਾ ਸੀ ਅਤੇ ਗਵਰਨਰ ਸਾਹਿਬ ਨੇ ਵਿਧਾਨ ਸਭਾ ਦਾ ਬੱਜਟ ਸਮਾਗਮ ਕਰਨ ਲਈ ਪਹਿਲਾਂ ਪ੍ਰਵਾਨਗੀ ਦੇ ਦਿੱਤੀ ਤੇ ਜਦੋਂ ਵਿਧਾਇਕ ਚੰਡੀਗੜ੍ਹ ਆ ਗਏ ਤਾਂ ਪ੍ਰਵਾਨਗੀ ਉੱਤੇ ਕਾਟਾ ਮਾਰ ਦਿੱਤਾ ਸੀ। ਓਦੋਂ ਪੰਜਾਬ ਸਰਕਾਰ ਆਪਣੇ ਗਵਰਨਰ ਦੇ ਇਸ ਵਿਹਾਰ ਦੇ ਖਿਲਾਫ ਪਹਿਲੀ ਵਾਰੀ ਸੁਪਰੀਮ ਕੋਰਟ ਗਈ ਤੇ ਸੁਪਰੀਮ ਕੋਰਟ ਨੇ ਓਦੋਂ ਵੀ ਗਵਰਨਰ ਨੂੰ ਇਸ ਗੱਲ ਦੀ ਮੱਤ ਦਿੱਤੀ ਸੀ ਕਿ ਸੰਵਿਧਾਨ ਦੀ ਹੱਦ ਵਿੱਚ ਰਹਿਣ ਦਾ ਯਤਨ ਕਰਨ। ਗਵਰਨਰ ਸਾਹਿਬ ਨੇ ਫਿਰ ਵੀ ਹਕੀਕਤਾਂ ਨੂੰ ਨਹੀਂ ਮੰਨਿਆ ਤੇ ਵਿਧਾਨ ਸਭਾ ਵਿੱਚ ਪਾਸ ਹੋਏ ਬਿੱਲ ਰੋਕਣ ਦੇ ਰਾਹ ਪੈ ਗਏ। ਫਿਰ ਸਰਕਾਰ ਨੇ ਵਿਧਾਨ ਸਭਾ ਦਾ ਮੁਲਤਵੀ ਕੀਤਾ ਅਜਲਾਸ ਦੋਬਾਰਾ ਸੱਦ ਲਿਆ ਤਾਂ ਗਵਰਨਰ ਨੇ ਗੈਰ-ਸੰਵਿਧਾਨਕ ਕਰਾਰ ਦੇ ਦਿੱਤਾ ਤੇ ਵਿਰੋਧੀ ਪਾਰਟੀਆਂ ਦੇ ਆਗੂ ਵੀ ਉਹੋ ਰਾਗ ਛੋਹ ਬੈਠੇ। ਵਿਧਾਨ ਸਭਾ ਦੇ ਵਿਸ਼ੇਸ਼ ਸਮਾਗਮ ਦਾ ਪਹਿਲਾ ਦਿਨ ਆਇਆ ਤਾਂ ਪਹਿਲੇ ਦੋ ਘੰਟੇ ਵਿਰੋਧੀ ਧਿਰ ਦੇ ਨਾਅਰੇ ਲੱਗਦੇ ਸੁਣੇ ਗਏ ਕਿ ਸੰਵਿਧਾਨ ਦਾ ਉਲੰਘਣ ਕਰ ਕੇਸੈਸ਼ਨ ਕੀਤਾ ਜਾ ਰਿਹਾ ਹੈ, ਪਰ ਜਦੋਂ ਸਰਕਾਰ ਨੇ ਜਵਾਬ ਦਿੱਤਾ ਤੇ ਏਦਾਂ ਦੀਆਂ ਪੁਰਾਣੀਆਂ ਮਿਸਾਲਾਂ ਵੀ ਤੇ ਸੁਪਰੀਮ ਕੋਰਟ ਦੇ ਫੈਸਲੇ ਵੀ ਸੁਣਾ ਦਿੱਤੇ ਤਾਂ ਉਨ੍ਹਾਂ ਨੂੰ ਮੰਨਣਾ ਪਿਆ ਕਿ ਅਜਲਾਸ ਗੈਰ-ਸੰਵਿਧਾਨਕ ਨਹੀਂ। ਉਸ ਦੇ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੇ ਕਹਿ ਦਿੱਤਾ ਕਿ ਉਹ ਸੁਪਰੀਮ ਕੋਰਟ ਜਾਣਗੇ ਅਤੇ ਓਥੋਂ ਸੰਵਿਧਾਨਕ ਹੋਣ ਦਾ ਫਤਵਾ ਲੈਣ ਦੇ ਬਾਅਦ ਹੀ ਅਗਲਾ ਅਜਲਾਸ ਕਰਨਗੇ, ਫਿਰ ਵੀ ਗਵਰਨਰ ਸਾਹਿਬ ਨੇ ਵਿਧਾਨ ਸਭਾ ਵਿੱਚ ਪਾਸ ਹੋਏ ਬਿੱਲਾਂ ਉੱਤੇ ਦਸਖਤ ਨਹੀਂ ਸੀ ਕੀਤੇ। ਸਰਕਾਰ ਜਦੋਂ ਸਚਮੁੱਚ ਸੁਪਰੀਮ ਕੋਰਟਜਾ ਪਹੁੰਚੀ ਤਾਂ ਝਟਾਪਟ ਇਹ ਚਿੱਠੀ ਲਿਖ ਦਿੱਤੀ ਕਿ ਬਿੱਲਾਂ ਉੱਤੇ ਦਸਖਤ ਕਰਨ ਵਾਲਾ ਕੰਮ ਉਹ ਛੇਤੀ ਕਰ ਦੇਣਗੇ। ਇਹ ਕੰਮ ਮੁੱਖ ਮੰਤਰੀ ਵੱਲੋਂ ਕੋਰਟ ਪੁੱਜਣ ਦੇ ਐਲਾਨ ਦੇ ਬਾਅਦ ਏਨੇ ਦਿਨ ਕਿਉਂ ਨਹੀਂ ਕੀਤਾ, ਇਹ ਸਿਰਫ ਗਵਰਨਰ ਸਾਹਿਬ ਦੱਸ ਸਕਦੇ ਹਨ। ਸੁਪਰੀਮ ਕੋਰਟ ਨੇ ਵੀ ਇਸ ਕੇਸ ਵਿੱਚ ਇਹੀ ਗੱਲ ਕਹੀ ਹੈ ਕਿ ਗਵਰਨਰ ਨੂੰ ਓਦੋਂਦਸਖਤ ਕਰਨਾ ਸੁੱਝਿਆ, ਜਦੋਂ ਕੋਰਟ ਇਸ ਦੀਸੁਣਵਾਈ ਕਰਦੀ ਪਈ ਹੈ। ਜੱਜ ਸਾਹਿਬਾਨ ਨੂੰ ਇਹ ਵੀ ਕਹਿਣ ਵਿੱਚ ਝਿਜਕ ਨਹੀਂਹੋਈ ਕਿ ਪੰਜਾਬ ਦੇ ਗਵਰਨਰ ਸਾਹਿਬ ਅੱਗ ਨਾਲ ਖੇਡ ਰਹੇ ਹਨ ਅਤੇ ਜਿਸ ਤਰ੍ਹਾਂ ਦਾ ਵਿਹਾਰ ਕਰਦੇ ਪਏ ਹਨ, ਉਹ ਕਿਸੇ ਵੀ ਪੱਖ ਤੋਂ ਸੰਵਿਧਾਨ ਦੇ ਮੁਤਾਬਕ ਨਹੀਂ ਕਿਹਾ ਜਾ ਸਕਦਾ।

ਹੈਰਾਨੀ ਦੀ ਗੱਲ ਹੈ ਕਿ ਕਿੱਥੇ ਗਵਰਨਰ ਸਾਹਿਬ ਪੰਜਾਬ ਦੀ ਸਰਕਾਰ ਤੇ ਮੁੱਖ ਮੰਤਰੀ ਉੱਤੇ ਦੋਸ਼ ਲਾ ਰਹੇ ਸਨ ਕਿ ਉਹ ਗੈਰ-ਸੰਵਿਧਾਨਕ ਕੰਮ ਕਰਦੇ ਹਨ ਅਤੇ ਕਿੱਥੇ ਖੁਦ ਉਨ੍ਹਾਂ ਬਾਰੇ ਸੁਪਰੀਮ ਕੋਰਟ ਨੇ ਇਹੋ ਜਿਹੀ ਟਿਪਣੀ ਕਰ ਦਿਤੀ ਹੈ। ਸੁਪਰੀਮ ਕੋਰਟ ਨੇ ਸਵਾਲ ਕਰ ਦਿੱਤਾ ਕਿ ਸੰਵਿਧਾਨ ਦੀ ਕਿਹੜੀ ਧਾਰਾ ਹੈ, ਜਿਹੜੀ ਕਿਸੇ ਗਵਰਨਰ ਨੂੰ ਕਿਸੇ ਵਿਧਾਨ ਸਭਾ ਦਾ ਸੱਦਿਆ ਹੋਇਆ ਅਜਲਾਸ ਗੈਰ-ਸੰਵਿਧਾਨਕ ਐਲਾਨਣ ਦਾ ਹੱਕ ਦੇਂਦੀ ਹੈ! ਗਵਰਨਰ ਸਾਹਿਬ ਨੂੰ ਇਹ ਯਾਦ ਨਹੀਂ ਰਿਹਾ ਕਿ ਜਿਹੜੀ ਭਾਰਤੀ ਜਨਤਾ ਪਾਰਟੀ ਨਾਲ ਉਹ ਜੁੜੇ ਰਹੇ ਹਨ, ਉਸ ਦੇ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੀ ਸਰਕਾਰ ਨੇ ਵੀ ਏਦਾਂ ਹੀ ਪਾਰਲੀਮੈਂਟ ਸੈਸ਼ਨ ਮੁਲਤਵੀ ਕੀਤਾ ਤੇ ਫਿਰ ਸੱਦਿਆ ਸੀ ਅਤੇ ਜਦੋਂ ਉਹ ਕੇਸ ਸੁਪਰੀਮ ਕੋਰਟ ਵਿੱਚ ਗਿਆ ਤਾਂ ਕੋਰਟ ਨੇ ਉਸ ਨੂੰ ਸੰਵਿਧਾਨ ਮੁਤਾਬਕ ਮੰਨਿਆ ਸੀ। ਇਹ ਗੱਲ ਵਿਸਾਰੀ ਨਾ ਹੁੰਦੀ ਤਾਂ ਗਵਰਨਰ ਸਾਹਿਬ ਦੀ ਸਥਿਤੀ ਏਨੀ ਹਾਸੋਹੀਣੀ ਕਦੇ ਨਾ ਹੁੰਦੀ। ਉਹ ਹੀ ਨਹੀਂ, ਪੰਜਾਬ ਵਿਧਾਨ ਸਭਾ ਦੀ ਵਿਰੋਧੀ ਧਿਰ ਦੇ ਆਗੂ ਵੀ ਜੇ ਸੰਭਲ ਕੇ ਚੱਲਦੇ ਤਾਂ ਜ਼ਿਆਦਾ ਚੰਗਾ ਹੁੰਦਾ। ਜਦੋਂ ਓਸੇ ਸੈਸ਼ਨਵਿੱਚ ਇੱਕ ਮੰਤਰੀ ਨੇ ਉਹ ਚਿੱਠੀ ਵਿਖਾ ਦਿੱਤੀ, ਜਿਹੜੀ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਵੱਲੋਂ ਵਿਧਾਨ ਸਭਾ ਸੈਸ਼ਨ ਏਦਾਂ ਸੱਦਣ ਸਮੇਂ ਉਸ ਅਜਲਾਸ ਨੂੰ ਸੰਵਿਧਾਨਕ ਸਾਬਤ ਕਰਨਲਈ ਓਦੋਂ ਦੇ ਕਾਂਗਰਸੀ ਮੰਤਰੀ ਬ੍ਰਹਮ ਮਹਿੰਦਰਾ ਨੇ ਲਿਖੀ ਹੋਈ ਸੀ ਤਾਂ ਓਦੋਂ ਹੀ ਇਹ ਗੱਲ ਮੰਨ ਲੈਣੀ ਚਾਹੀਦੀ ਸੀ, ਪਰ ਉਹ ਵੀ ਆਪਣੀ ਧੁਨ ਵਿੱਚ ਲੱਗੇ ਰਹੇ। ਇਸ ਨਾਲ ਵਿਰੋਧੀ ਧਿਰ ਦੇ ਆਗੂਆਂ ਦੀ ਸਥਿਤੀ ਵੀ ਓਦਾਂ ਹੀ ਖਰਾਬ ਹੋਈ ਹੈ, ਜਿੱਦਾਂ ਗਵਰਨਰ ਬਨਵਾਰੀ ਲਾਲ ਪੁਰੋਹਿਤ ਦੀ ਖਰਾਬ ਹੋਈ ਹੈ।

ਸੰਵਿਧਾਨ ਕਿਸੇ ਇੱਕ ਜਾਂ ਦੂਸਰੀ ਧਿਰ ਦੀ ਮਲਕੀਅਤ ਨਹੀਂ, ਦੇਸ਼ ਦਾ ਉਹ ਦਸਤਾਵੇਜ਼ ਹੈ, ਜਿਹੜਾ ਭਾਰਤ ਨੂੰ ਆਜ਼ਾਦੀ ਮਿਲਣ ਮਗਰੋਂ ਸੰਵਿਧਾਨ ਘੜਨੀ ਸਭਾ ਨੇ ਬਹੁਤ ਲੰਮੀਆਂ ਵਿਚਾਰਾਂ ਕਰਨ ਮਗਰੋਂ ਪਾਸ ਕੀਤਾ ਸੀ ਤੇ ਜਿਸ ਨੂੰ ਹਾਕਮ ਤੇ ਵਿਰੋਧੀ ਦੋਵਾਂ ਧਿਰਾਂ ਦੇ ਆਗੂ ਪਵਿੱਤਰ ਮੰਨਦੇ ਆਏ ਹਨ। ਵੱਖ-ਵੱਖ ਸਮੇਂ ਉੱਤੇ ਬਹੁ-ਗਿਣਤੀ ਦੇ ਜ਼ੋਰ ਨਾਲ ਇਸ ਵਿੱਚ ਕਈ ਵਾਰ ਸੋਧਾਂ ਵੀ ਹੁੰਦੀਆਂ ਰਹੀਆਂ, ਪਰ ਇਸ ਵਿੱਚ ਲਿਖੀ ਕਿਸੇ ਧਾਰਾ ਬਾਰੇ ਸਿਆਸਤ ਦੀ ਕਿਸੇ ਧਿਰ ਨੇ ਜਾਂ ਅਦਾਲਤਾਂ ਨੇ ਕਦੀ ਇਹ ਨਹੀਂ ਕਿਹਾ ਸੀ ਕਿ ਉਹ ਇਸ ਨੂੰ ਨਹੀਂ ਮੰਨਦੇ। ਸੁਪਰੀਮ ਕੋਰਟ ਦੇ ਮੌਜੂਦਾ ਚੀਫ ਜਸਟਿਸ ਇਹ ਕਈ ਵਾਰ ਕਹਿ ਚੁੱਕੇ ਹਨ ਕਿ ਸੰਵਿਧਾਨ ਬਣਾਉਣ ਵਾਲਿਆਂ ਨੇ ਦੇਸ਼ ਦੇ ਭਵਿੱਖ ਬਾਰੇਜਿਸ ਸੋਚ ਨਾਲ ਜਿਹੜੀਆਂ ਹੱਦਾਂ ਮਿਥੀਆਂ ਹਨ, ਉਨ੍ਹਾਂ ਨੂੰ ਉਲੰਘਣ ਜਾਂ ਅਣਗੌਲਣ ਦੀ ਕਿਸੇ ਧਿਰ ਨੂੰ ਕੋਸ਼ਿਸ਼ ਨਹੀਂ ਕਰਨੀ ਚਾਹੀਦੀ। ਉਹ ਸੁਪਰੀਮ ਕੋਰਟ ਵਿੱਚ ਇੱਕੋ ਪਰਵਾਰ ਵਿੱਚੋਂ ਤੀਸਰੀ ਪੀੜ੍ਹੀ ਦੇ ਜੱਜ ਹਨ। ਪਹਿਲਾਂ ਸੁਪਰੀਮ ਕੋਰਟ ਵਿੱਚ ਉਨ੍ਹਾਂ ਦੇ ਦਾਦਾ ਜੀ ਜੱਜ ਸਨ, ਫਿਰ ਪਿਤਾ ਜੀ ਇਸ ਅਦਾਲਤ ਦੇ ਮੁਖੀ ਅਹੁਦੇ ਤੱਕ ਗਏ ਤੇ ਇਸ ਵੇਲੇ ਜਸਟਿਸ ਡੀ ਵਾਈ ਚੰਦਰਚੂੜ ਇਸ ਦੇਸ਼ ਦੇ ਮੁਖੀ ਜੱਜ ਦੇ ਅਹੁਦੇ ਉੱਤੇ ਹਨ। ਦੂਸਰੀ ਗੱਲ ਇਹ ਹੈ ਕਿ ਇਸ ਪਰਵਾਰ ਤੋਂ ਤੀਸਰੀ ਪੀੜ੍ਹੀ ਏਥੋਂ ਤੱਕ ਆ ਪੁੱਜੀ ਹੈ, ਪਰ ਅੱਜ ਤੱਕ ਇਸ ਪਰਵਾਰ ਦੇ ਕਿਸੇ ਜੱਜ ਉੱਤੇ ਕਿਸੇ ਤਰ੍ਹਾਂ ਦਾ ਕੋਈ ਦੋਸ਼ ਨਹੀਂ ਲੱਗਾ। ਇਸ ਦਾ ਇੱਕੋ ਕਾਰਨ ਹੈ ਕਿ ਉਹਸੰਵਿਧਾਨ ਦੀ ਪਾਲਣਾ ਨੂੰਪਹਿਲ ਦੇਂਦੇ ਹਨ। ਭਾਰਤ ਦੇ ਇਸ ਜੱਜ ਦਾ ਪੰਜਾਬ ਸਰਕਾਰ ਬਨਾਮ ਗਵਰਨਰ ਦੇ ਕੇਸ ਵਿੱਚ ਸ਼ਾਮਲਹੋਣਾ ਇਸ ਦੇਸ਼ ਵਿੱਚ ਨਿਆਂ ਦੀ ਪਹਿਰੇਦਾਰੀ ਦਾ ਸੰਦੇਸ਼ ਮੰਨਿਆ ਜਾਂਦਾ ਹੈ। ਅੱਗੇਬਹੁਤ ਵਾਰੀ ਅਦਾਲਤੀ ਫੈਸਲੇ ਏਦਾਂ ਦੇ ਆਉਂਦੇ ਰਹੇ ਹਨ, ਜਿਨ੍ਹਾਂ ਬਾਰੇ ਸਾਡੇ ਰਾਏ ਸਹਿਮਤੀ ਵਾਲੀ ਨਹੀਂ ਸੀ, ਸਿਰਫ ਅਦਾਲਤੀ ਫੈਸਲਾ ਹੋਣ ਕਰ ਕੇਉਸ ਹੁਕਮ ਨੂੰ ਮੰਨਣਾ ਪੈਂਦਾ ਸੀ। ਇਸ ਵਾਰੀ ਪੰਜਾਬ ਸਰਕਾਰ ਤੇ ਪੰਜਾਬ ਦੇ ਗਵਰਨਰ ਵਿਚਾਲੇ ਖਿੱਚੋਤਾਣ ਦੇ ਕੇਸ ਵਿੱਚ ਇਹੋ ਜਿਹਾ ਫੈਸਲਾ ਆਇਆ ਹੈ, ਜਿਹੜਾ ਇਸ ਇੱਕ ਰਾਜ ਬਾਰੇ ਹੀਨਹੀਂ, ਸਾਰੇ ਭਾਰਤ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਮੁੜ-ਮੁੜ ਪੈਦਾ ਹੁੰਦੀ ਇਹੋ ਜਿਹੀ ਖਿੱਚੋਤਾਣ ਦਾ ਹੱਲ ਕਰਨ ਵਾਲਾ ਹੈ। ਚੰਗੀ ਗੱਲ ਹੈ ਕਿ ਇੱਕ ਵਾਰੀ ਫਿਰ ਇਸ ਦੇਸ਼ ਵਿੱਚ ਨਿਆਂ ਪਾਲਿਕਾ ਦਾ ਝੰਡਾ ਉੱਚਾ ਹੋਇਆ ਹੈ ਤੇ ਉਸ ਨਿਆਂ ਪਾਲਿਕਾ ਦਾ ਝੰਡਾ ਉੱਚਾ ਹੋਇਆ ਹੈ, ਜਿਸ ਬਾਰੇ ਕਿਹਾ ਜਾਂਦਾ ਹੈ ਕਿ ਦੇਸ਼ ਦੇ ਕਿਸੇ ਵੀ ਅੜੇ-ਥੁੜੇ ਨਾਗਰਿਕ ਲਈ ਆਸ ਦਾ ਆਖਰੀ ਦਰਵਾਜ਼ਾ ਹੈ। ਇਸ ਦੇਸ਼ ਦੇ ਭਵਿੱਖ ਬਾਰੇ ਆਸ ਬੰਨ੍ਹਾਉਣ ਵਾਲੇ ਇਸ ਫੈਸਲੇ ਦਾ ਸਵਾਗਤ ਹਰ ਕਿਸੇ ਨੂੰ ਕਰਨਾ ਚਾਹੀਦਾ ਹੈ।

URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

Brampton Ontario (108 Toba Cres)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਸੋਹਣਾ ਜਿਹਾ ਘਰ, ਹਾਈਵੇ 410 ਦੇ ਬਿਲਕੁਲ ਨਜ਼ਦੀਕ, ਘਰ ਵਿਚ 3 ਬੈਡਰੂਮ ਅਤੇ 4 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ, 1+1 ਕਿਚਨ, ਮੇਨ ਅਤੇ ਦੂਜੀ ਮੰਜ਼ਲ ਦੇ ਫਲੋਰ ਲੈਮੀਨੇਟਡ ਹਨ, ਮਾਸਟਰ ਬੈਡਰੂਮ ਵਿਚ 4 ਪੀਸੀ ਇਨਸੂਟ ਅਤੇ ਵਾਕਿੰਗ ਕਲੋਜ਼ਟ, ਚਾਰਦਿਵਾਰੀ ਦੇ ਨਾਲ ਯਾਰਡ, ਗਰਾਜ ਤੋਂ ਬੈਕਯਾਰਡ ਤੱਕ ਦਰਵਾਜੇ ਦੀ ਇੰਟਰੈਂਸ, ਪਾਰਕ, ਸਕੂਲ ਅਤੇ ਪਲਾਜ਼ਾ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

Brampton Ontario (30 Gardenbrooke Tr)



ਖੂਬਸੂਰਤ ਡਿਟੈਚਡ ਘਰ, ਜਿਸ ਵਿਚ 4+2 ਬੈਡਰੂਮ + ਲੌਫਟ + 5 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ ਅਲੱਗ ਇੰਟਰੈਂਸ ਦੇ ਨਾਲ, 1+1 ਕਿਚਨ, ਸਾਰੇ ਬੈਡਰੂਮਜ਼ ਵਿਚ ਲੈਮੀਨੇਟਡ ਫਲੋਰ, ਪ੍ਰਾਇਮਰੀ ਬੈਡਰੂਮ ਵਿਚ 5 ਪੀਸੀ ਇਨਸੂਟ ਅਤੇ ਵਾਕ ਇਨ ਕਲੋਜ਼ਟ, ਦੋ ਮਾਸਟਰ ਬੈਡਰੂਮ, ਪਾਠ/ਪੂਜਾ ਲਈ ਸਥਾਨ, ਚਾਰਦਿਵਾਰੀ ਦੇ ਨਾਲ ਯਾਰਡ, ਸਕੂਲ, ਪਾਰਕ ਅਤੇ ਪਬਲਿਕ ਟਰਾਂਜ਼ਿਟ ਦੇ ਨੇੜੇ ਅਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 / 416.951.6431
Towing Service Car Paint Starts $799* upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044




Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017